ਨਾਨਕ ਨਾਮੁ ਨ ਚੇਤਨੀ ਹੋਇ ਮੈਲੇ ਮਰਹਿ ਗਵਾਰ॥ (੧੦੯੧)

- ਨਾਨਕ ਵਿਣੁ ਨਾਵੈ ਆਲੂਦਿਆ ਜਿਤੀ ਹੋਰੁ ਖਿਆਲੁ॥ (੧੦੯੭)

- ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ॥
ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ॥ (੧੧੦੨)

- ਮਨ ਕੇ ਅੰਧੇ ਆਪਿ ਨ ਬੂਝਹੁ ਕਾਹਿ ਬੁਝਾਵਹੁ ਭਾਈ॥
ਮਾਇਆ ਕਾਰਨ ਬਿਦਿਆ ਬੇਚਹੁ ਜਨਮੁ ਅਬਿਰਥਾ ਜਾਈ॥ (੧੧੦੩)

- ਪੁਸਤਕ ਪਾਠ ਬਿਆਕਰਣ ਵਖਾਣੈ ਸੰਧਿਆ ਕਰਮ ਤਿਕਾਲ ਕਰੈ॥
ਬਿਨੁ ਗੁਰ ਸਬਦ ਮੁਕਤਿ ਕਹਾ ਪ੍ਰਾਣੀ ਰਾਮ ਨਾਮ ਬਿਨੁ ਉਰਝਿ ਮਰੈ॥ (੧੧੨੭)

- ਸਿੰਮ੍ਰਿਤਿ ਸਾਸਤ੍ਰ ਪੜਹਿ ਮੁਨਿ ਕੇਤੇ ਬਿਨੁ ਸਬਦੈ ਸੁਰਤਿ ਨ ਪਾਈ॥
ਤ੍ਰੈ ਗੁਣ ਸਭੇ ਰੋਗਿ ਵਿਆਪੇ ਮਮਤਾ ਸੁਰਤਿ ਗਵਾਈ॥ (੧੧੩੦)

- ਪੜਿ ਪੜਿ ਲੂਝਹਿ ਬਾਦੁ ਵਖਾਣਹਿ ਮਿਲਿ ਮਾਇਆ ਸੁਰਤਿ ਗਵਾਈ॥
ਸਤਿਗੁਰੁ ਸੇਵਹਿ ਪਰਮ ਗਤਿ ਪਾਵਹਿ ਨਾਮਿ ਮਿਲੈ ਵਡਿਆਈ॥ (੧੧੩੧)

- ਮੂਰਖ ਦੁਬਿਧਾ ਪੜ੍ਹਹਿ ਮੂਲੁ ਨ ਪਛਾਣਹਿ ਬਿਰਥਾ ਜਨਮੁ ਗਵਾਇਆ॥
ਪ੍ਰਹਲਾਦੁ ਦੁਬਿਧਾ ਨ ਪੜੈ ਹਰਿ ਨਾਮੁ ਨ ਛੋਡੈ ਡਰੈ ਨ ਕਿਸੈ ਦਾ ਡਰਾਇਆ॥ (੧੧੩੩)

- ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ॥ (੧੧੫੩)

- ਹਮਰਾ ਝਗਰਾ ਰਹਾ ਨ ਕੋਊ॥ ਪੰਡਿਤ ਮੁਲਾਂ ਛਾਡੇ ਦੋਊ॥
ਪੰਡਿਤ ਮੁਲਾਂ ਜੋ ਲਿਖਿ ਦੀਆ॥ ਛਾਡਿ ਚਲੇ ਹਮ ਕਛੂ ਨ ਲੀਆ॥ (੧੧੫੮)
- ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ॥ ਨਾਦੀ ਬੇਦੀ ਪੜ੍ਹਹਿ ਪੁਰਾਣ॥
ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ॥ ਤਿਨ ਕੈ ਰਮਈਆ ਨੇੜਿ ਨਾਹਿ॥ (੧੧੬੯)

- ਪ੍ਰਹਲਾਦ ਪਠਾਏ ਪੜਨ ਸਾਲ॥ ਸੰਗਿ ਸਖਾ ਬਹੁ ਲੀਏ ਬਾਲ॥
ਮੋ ਕਉ ਕਹਾ ਪੜ੍ਹਾਵਸਿ ਆਲ ਜਾਲ॥ ਮੇਰੀ ਪਟੀਆ ਲਿਖਿ ਦੇਹੁ ਸ੍ਰੀ ਗੁਪਾਲ॥

ਨਹੀ ਛੋਡਉ ਰੇ ਬਾਬਾ ਰਾਮ ਨਾਮ॥ ਮੇਰੋ ਅਉਰ ਪੜ੍ਨ ਸਿਉ ਨਹੀ ਕਾਮੁ॥ (੧੧੯੪)

- ਅਖੀ ਪਰਣੈ ਜੇ ਫਿਰਾਂ ਦੇਖਾਂ ਸਭੁ ਆਕਾਰੁ॥ ਪੁਛਾ ਗਿਆਨੀ ਪੰਡਿਤਾਂ ਪੁਛਾ ਬੇਦ ਬੀਚਾਰ॥
ਪੁਛਾ ਦੇਵਾਂ ਮਾਣਸਾਂ ਜੋਧ ਕਰਹਿ ਅਵਤਾਰ॥ ਸਿਧ ਸਮਾਧੀ ਸਭਿ ਸੁਣੀ ਜਾਇ ਦੇਖਾਂ ਦਰਬਾਰੁ॥
ਅਗੈ ਸਚਾ ਸਚਿ ਨਾਇ ਨਿਰਭਉ ਭੈ ਵਿਣੁ ਸਾਰੁ॥ ਹੋਰ ਕਚੀ ਮਤੀ ਕਚੁ ਪਿਚੁ ਅੰਧਿਆ ਅੰਧੁ ਬੀਚਾਰੁ॥
ਨਾਨਕ ਕਰਮੀ ਬੰਦਗੀ ਨਦਰਿ ਲੰਘਾਏ ਪਾਰਿ॥ (੧੨੪੧)

- ਪੜਿ੍ ਪੜਿ੍ ਪੰਡਿਤ ਮੋਨੀ ਥਕੇ ਦੇਸੰਤਰ ਭਵਿ ਥਕੇ ਭੇਖਧਾਰੀ॥
ਦੂਜੈ ਭਾਇ ਨਾਉ ਕਦੇ ਨ ਪਾਇਨਿ ਦੁਖੁ ਲਾਗਾ ਅਤਿ ਭਾਰੀ॥
ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ॥
ਅੰਦਰਿ ਕਪਟੁ ਉਦਰੁ ਭਰਣ ਕੈ ਤਾਈ ਪਾਠ ਪੜਹਿ ਗਾਵਾਰੀ॥
ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਨ ਹਉਮੈ ਵਿਚਹੁ ਮਾਰੀ॥
ਨਾਨਕ ਪੜਣਾ ਗੁਨਣਾ ਇਕੁ ਨਾਉ ਹੈ ਬੂਝੈ ਕੋ ਬੀਚਾਰੀ॥ (੧੨੪੬)

- ਪੜਿ ਪੜਿ ਪੰਡਿਤ ਵਾਦੁ ਵਖਾਣਦੇ ਮਾਇਆ ਮੋਹ ਸੁਆਇ॥
ਦੂਜੈ ਭਾਇ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥
ਜਿਨਿ੍ ਕੀਤੇ ਤਿਸੈ ਨ ਸੇਵਨ੍ੀ ਦੇਦਾ ਰਿਜਕੁ ਸਮਾਇ॥
ਜਮ ਕਾ ਫਾਹਾ ਗਲਹੁ ਨ ਕਟੀਐ ਫਿਰਿ ਫਿਰਿ ਆਵਹਿ ਜਾਇ॥
ਜਿਨ ਕਉ ਪੂਰਬਿ ਲਿਖਿਆ ਸਤਿਗੁਰੁ ਮਿਲਿਆ ਤਿਨ ਆਇ॥
ਅਨਦਿਨੁ ਨਾਮੁ ਧਿਆਇਦੇ ਨਾਨਕ ਸਚਿ ਸਮਾਇ॥ (੧੨੪੯)

- ਬਿਨੁ ਸਬਦੈ ਜਗਿ ਆਨ੍ੇਰੁ ਹੈ ਸਬਦੇ ਪਰਗਟੁ ਹੋਇ॥
ਪੰਡਿਤ ਮੋਨੀ ਪੜਿ ਪੜਿ ਥਕੇ ਭੇਖ ਥਕੇ ਤਨੁ ਧੋਇ॥
ਬਿਨੁ ਸਬਦੈ ਕਿਨੈ ਨ ਪਾਇਓ ਦੁਖੀਏ ਚਲੇ ਰੋਇ॥ (੧੨੫੦)

- ਵੇਦ ਪੜੈ ਪੜਿ ਵਾਦੁ ਵਖਾਣੈ ਬ੍ਰਹਮਾ ਬਿਸਨੁ ਮਹੇਸਾ॥
ਏਹ ਤ੍ਰਿਗੁਣ ਮਾਇਆ ਜਿਨਿ ਜਗਤੁ ਭੁਲਾਇਆ ਜਨਮ ਮਰਨ ਕਾ ਸਹਸਾ॥
ਗੁਰ ਪਰਸਾਦੀ ਏਕੋ ਜਾਣੈ ਚੂਕੈ ਮਨਹੁ ਅੰਦੇਸਾ॥ (੧੨੫੭)

- ਪੰਡਿਤ ਇਸੁ ਮਨ ਕਾ ਕਰਹੁ ਬੀਚਾਰੁ॥ ਅਵਰੁ ਕਿ ਬਹੁਤਾ ਪੜਹਿ ਉਠਾਵਹਿ ਭਾਰੁ॥ (੧੨੬੧)

- ਸੋ ਪੰਡਿਤੁ ਜੋ ਤਿਹਾਂ ਗੁਣਾ ਕੀ ਪੰਡ ਉਤਾਰੈ॥ ਅਨਦਿਨੁ ਏਕੋ ਨਾਮੁ ਵਖਾਣੈ॥
ਸਤਿਗੁਰ ਕੀ ਓਹੁ ਦੀਖਿਆ ਲੇਇ॥ ਸਤਿਗੁਰ ਆਗੈ ਸੀਸੁ ਧਰੇਇ॥
ਸਦਾ ਅਲਗੁ ਰਹੈ ਨਿਰਬਾਣੁ॥ ਸੋ ਪੰਡਿਤੁ ਦਰਗਹ ਪਰਵਾਣੁ॥ (੧੨੬੧)

- ਜਿਨਿ ਐਸਾ ਨਾਮੁ ਵਿਸਾਰਿਆ ਮੇਰਾ ਹਰਿ ਹਰਿ ਤਿਸ ਕੈ ਕੁਲਿ ਲਾਗੀ ਗਾਰੀ॥
ਹਰਿ ਤਿਸ ਕੈ ਕੁਲਿ ਪਰਸੂਤਿ ਨ ਕਰੀਅਹੁ ਤਿਸੁ ਬਿਧਵਾ ਕਰਿ ਮਹਿਤਾਰੀ॥ (੧੨੬੩)

- ਤ੍ਰੈ ਗੁਣ ਸਭਾ ਧਾਤੁ ਹੈ ਪੜਿ ਪੜਿ ਕਰਹਿ ਵੀਚਾਰੁ॥ ਮੁਕਤਿ ਕਦੇ ਨ ਹੋਵਈ ਨਹੁ ਪਾਇਨਿ੍ ਮੋਖ ਦੁਆਰੁ॥
ਬਿਨੁ ਸਤਿਗੁਰ ਬੰਧਨ ਨ ਤੁਟਹੀ ਨਾਮਿ ਨ ਲਗੈ ਪਿਆਰੁ॥ ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ॥
ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ॥
ਜਮਕਾਲੁ ਸਿਰਹੁ ਨ ਉਤਰੈ ਅੰਤਰਿ ਕਪਟ ਵਿਣਾਸੁ॥ (੧੨੭੭)

- ਨਾਉ ਫਕੀਰੈ ਪਾਤਿਸਾਹੁ ਮੂਰਖ ਪੰਡਿਤੁ ਨਾਉ॥ ਅੰਧੇ ਕਾ ਨਾਉ ਪਾਰਖੂ ਏਵੈ ਕਰੇ ਗੁਆਉ॥
ਇਲਤਿ ਕਾ ਨਾਉ ਚਉਧਰੀ ਕੂੜੀ ਪੂਰੇ ਥਾਉ॥ ਨਾਨਕ ਗੁਰਮੁਖਿ ਜਾਣੀਐ ਕਲਿ ਕਾ ਏਹੁ ਨਿਆਉ॥ (੧੨੮੮)

- ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ॥
ਬਿਨੁ ਬੂਝੇ ਕਿਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ॥ (੧੩੩੨)

- ਕਬੀਰ ਮੈ ਜਾਨਿਓ ਪੜਿਬੋ ਭਲੋ ਪੜਿਬੇ ਸਿਉ ਭਲ ਜੋਗੁ॥
ਭਗਤਿ ਨ ਛਾਡਉ ਰਾਮ ਕੀ ਭਾਵੈ ਨਿੰਦਉ ਲੋਗੁ॥ (੧੩੬੬)

- ਕਬੀਰ ਕੋਠੀ ਕਾਠ ਕੀ ਦਹ ਦਿਸਿ ਲਾਗੀ ਆਗਿ॥
ਪੰਡਿਤ ਪੰਡਿਤ ਜਲਿ ਮੂਏ ਮੂਰਖ ਉਬਰੇ ਭਾਗਿ॥ (੧੩੭੩)

- ਕਬੀਰ ਬਾਮਨੁ ਗੁਰੂ ਹੈ ਜਗਤ ਕਾ ਭਗਤਨ ਕਾ ਗੁਰੁ ਨਾਹਿ॥
ਅਰਝਿ ਉਰਝਿ ਕੈ ਪਚਿ ਮੂਆ ਚਾਰਉ ਬੇਦਹੁ ਮਾਹਿ॥ (੧੩੭੭)

- ਹੋਮ ਜਗ ਸਭਿ ਤੀਰਥਾ ਪੜਿ੍ ਪੰਡਿਤ ਥਕੇ ਪੁਰਾਣ॥
ਬਿਖੁ ਮਾਇਆ ਮੋਹੁ ਨ ਮਿਟਈ ਵਿਚਿ ਹਉਮੈ ਆਵਣੁ ਜਾਣੁ॥
ਸਤਿਗੁਰ ਮਿਲਿਐ ਮਲੁ ਉਤਰੀ ਹਰਿ ਜਪਿਆ ਪੁਰਖੁ ਸੁਜਾਣੁ॥ (੧੪੧੭)

(੧੬) ਬੇਦ, ਪੁਰਾਣ, ਕਤੇਬ, ਕੁਰਾਣ, ਸਿਮ੍ਰਿਤਿ ਸਾਸਤ੍ਰ ਆਦਿ ਆਨਮਤਿ ਧਰਮ ਗ੍ਰੰਥਾਂ ਦੇ ਕਰਤਿਆਂ ਦਾ ਹਾਲ ਹਵਾਲੇ

੧. ਮੈਲੇ

- ਮੈਲਾ ਬ੍ਰਹਮਾ ਮੈਲਾ ਇੰਦੁ॥ ਰਵਿ ਮੈਲਾ ਮੈਲਾ ਹੈ ਚੰਦੁ॥
ਮੈਲਾ ਮਲਤਾ ਇਹੁ ਸੰਸਾਰੁ॥ ਇਕੁ ਹਰਿ ਨਿਰਮਲੁ ਜਾ ਕਾ ਅੰਤੁ ਨ ਪਾਰੁ॥ ਰਹਾਉ॥
ਮੈਲੇ ਬ੍ਰਹਮੰਡਾਇ ਕੈ ਈਸ॥ ਮੈਲੇ ਨਿਸਿ ਬਾਸੁਰ ਦਿਨ ਤੀਸ॥
ਮੈਲਾ ਮੋਤੀ ਮੈਲਾ ਹੀਰੁ॥ ਮੈਲਾ ਪਉਨੁ ਪਾਵਕੁ ਅਰੁ ਨੀਰੁ॥
ਮੈਲੇ ਸਿਵ ਸੰਕਰਾ ਮਹੇਸ॥ ਮੈਲੇ ਸਿਧ ਸਾਧਿਕ ਅਰੁ ਭੇਖ॥
ਮੈਲੇ ਜੋਗੀ ਜੰਗਮ ਜਟਾ ਸਹੇਤਿ॥ ਮੈਲੀ ਕਾਇਆ ਹੰਸ ਸਮੇਤਿ॥
ਕਹਿ ਕਬੀਰ ਤੇ ਜਨ ਪਰਵਾਨ॥ ਨਿਰਮਲ ਤੇ ਜੋ ਰਾਮਹਿ ਜਾਨ॥ (੧੧੫੮)

(੨) ਰੋਗੀ

- ਪਉਨੁ ਪਾਣੀ ਬੈਸੰਤਰੁ ਰੋਗੀ ਰੋਗੀ ਧਰਤਿ ਸਭੋਗੀ॥
ਮਾਤ ਪਿਤਾ ਮਾਇਆ ਦੇਹ ਸਿ ਰੋਗੀ ਰੋਗੀ ਕੁਟੰਬ ਸੰਜੋਗੀ॥
ਰੋਗੀ ਬ੍ਰਹਮਾ ਬਿਸਨੁ ਸਰੁਦ੍ਰਾ ਰੋਗੀ ਸਗਲ ਸੰਸਾਰਾ॥
ਹਰਿ ਪਦੁ ਚੀਨਿ ਭਏ ਸੇ ਮੁਕਤੇ ਗੁਰ ਕਾ ਸਬਦੁ ਵੀਚਾਰਾ॥
ਰੋਗੀ ਸਾਤ ਸਮੁੰਦ ਸਨਦੀਆ ਖੰਡ ਪਤਾਲ ਸਿ ਰੋਗਿ ਭਰੇ॥
ਹਰਿ ਕੇ ਲੋਕ ਸਿ ਸਾਚਿ ਸੁਹੇਲੇ ਸਰਬੀ ਥਾਈ ਨਦਰਿ ਕਰੇ॥
ਰੋਗੀ ਖਟ ਦਰਸਨ ਭੇਖਧਾਰੀ ਨਾਨਾ ਹਠੀ ਅਨੇਕਾ॥

ਬੇਦ ਕਤੇਬ ਕਰਹਿ ਕਹ ਬਪੁਰੇ ਨਹ ਬੂਝਹਿ ਇਕ ਏਕਾ॥
ਮਿਠ ਰਸੁ ਖਾਇ ਸੁ ਰੋਗਿ ਭਰੀਜੈ ਕੰਦ ਮੂਲਿ ਸੁਖੁ ਨਾਹੀ॥
ਨਾਮੁ ਵਿਸਾਰਿ ਚਲਹਿ ਅਨ ਮਾਰਗਿ ਅੰਤ ਕਾਲਿ ਪਛੁਤਾਹੀ॥
ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ॥
ਦੁਬਿਧਾ ਰੋਗੁ ਸੁ ਅਧਿਕ ਵਡੇਰਾ ਮਾਇਆ ਕਾ ਮੁਹਤਾਜੁ ਭਇਆ॥
ਗੁਰਮੁਖਿ ਸਾਚਾ ਸਬਦਿ ਸਲਾਹੈ ਮਨਿ ਸਾਚਾ ਤਿਸੁ ਰੋਗੁ ਗਇਆ॥
ਨਾਨਕ ਹਰਿ ਜਨ ਅਨਦਿਨੁ ਨਿਰਮਲ ਜਿਨ ਕਉ ਕਰਮਿ ਨੀਸਾਨੁ ਪਇਆ॥ (੧੧੫੩)

- ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਰੋਗੀ ਵਿਚਿ ਹਉਮੈ ਕਾਰ ਕਮਾਈ॥
ਜਿਨਿ ਕੀਏ ਤਿਸਹਿ ਨ ਚੇਤਹਿ ਬਪੁੜੇ ਹਰਿ ਗੁਰਮੁਖਿ ਸੋਝੀ ਪਾਈ॥ (੭੩੫)

(੩) ਭੁਲੜ

- ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਭੁਲੇ ਹਉਮੈ ਮੋਹੁ ਵਧਾਇਆ॥
ਪੰਡਿਤ ਪੜਿ ਪੜਿ ਮੋਨੀ ਭੁਲੇ ਦੂਜੈ ਭਾਇ ਚਿਤੁ ਲਾਇਆ॥
ਜੋਗੀ ਜੰਗਮ ਸੰਨਿਆਸੀ ਭੁਲੇ ਵਿਣੁ ਗੁਰ ਤਤੁ ਨ ਪਾਇਆ॥
ਮਨਮੁਖ ਦੁਖੀਏ ਸਦਾ ਭ੍ਰਮਿ ਭੁਲੇ ਤਿਨ੍ੀ ਬਿਰਥਾ ਜਨਮੁ ਗਵਾਇਆ॥ (੮੫੨)

- ਵੇਦ ਪੜੈ ਪੜਿ ਵਾਦੁ ਵਖਾਣੈ ਬ੍ਰਹਮਾ ਬਿਸਨੁ ਮਹੇਸਾ॥
ਏਹ ਤ੍ਰਿਗੁਣ ਮਾਇਆ ਜਿਨਿ ਜਗਤੁ ਭੁਲਾਇਆ ਜਨਮ ਮਰਨ ਕਾ ਸਹਸਾ॥
ਗੁਰ ਪਰਸਾਦੀ ਏਕੋ ਜਾਣੈ ਚੂਕੈ ਮਨਹੁ ਅੰਦੇਸਾ॥ (੧੨੫੭)

(੪) ਡਰਾਕਲ

- ਡਰਪੈ ਧਰਤਿ ਅਕਾਸੁ ਨਖ੍ਤ੍ਰਾ ਸਿਰ ਊਪਰਿ ਅਮਰੁ ਕਰਾਰਾ॥
ਪਉਣੁ ਪਾਣੀ ਬੈਸੰਤਰੁ ਡਰਪੈ ਡਰਪੈ ਇੰਦ੍ਰ ਬਿਚਾਰਾ॥ ਏਕਾ ਨਿਰਭਉ ਬਾਤ ਸੁਨੀ॥
ਸੋ ਸੁਖੀਆ ਸੋ ਸਦਾ ਸੁਹੇਲਾ ਜੋ ਗੁਰ ਮਿਲਿ ਗਾਇ ਗੁਨੀ॥
ਦੇਹਧਾਰ ਅਰੁ ਦੇਵਾ ਡਰਪਹਿ ਸਿਧ ਸਾਧਿਕ ਡਰਿ ਮੁਇਆ॥
ਲਖ ਚਉਰਾਸੀਹ ਮਰਿ ਮਰਿ ਜਨਮੇ ਫਿਰਿ ਫਿਰਿ ਜੋਨੀ ਜੋਇਆ॥
ਰਾਜਸੁ ਸਾਤਕੁ ਤਾਮਸੁ ਡਰਪਹਿ ਕੇਤੇ ਰੂਪ ਉਪਾਇਆ॥
ਛਲ ਬਪੁਰੀ ਇਹ ਕਉਲਾ ਡਰਪੈ ਅਤਿ ਡਰਪੈ ਧਰਮ ਰਾਇਆ॥
ਸਗਲ ਸਮਗ੍ਰੀ ਡਰਹਿ ਬਿਆਪੀ ਬਿਨੁ ਡਰ ਕਰਣੈਹਾਰਾ॥
ਕਹੁ ਨਾਨਕ ਭਗਤਨ ਕਾ ਸੰਗੀ ਭਗਤ ਸੋਹਹਿ ਦਰਬਾਰਾ॥ (੯੯੮)

- ਇੰਦ੍ ਇੰਦ੍ਰਾਸਣਿ ਬੈਠੇ ਜਮ ਕਾ ਭਉ ਪਾਵਹਿ॥ ਜਮੁ ਨ ਛੋਡੈ ਬਹੁ ਕਰਮ ਕਮਾਵਹਿ॥
ਸਤਿਗੁਰੁ ਭੇਟੈ ਤਾ ਮੁਕਤਿ ਪਾਈਐ ਹਰਿ ਹਰਿ ਰਸਨਾ ਪੀਜੈ ਹੇ॥ (੧੦੪੯)

(੫) ਮਾਇਆ ਦੇ ਤ੍ਰਿਸਨਾਲੂ

- ਪਾਇ ਠਗਉਲੀ ਸਭੁ ਜਗੁ ਜੋਹਿਆ॥ ਬ੍ਰਹਮਾ ਬਿਸਨੁ ਮਹਾਦੇਉ ਮੋਹਿਆ॥
ਗੁਰਮੁਖਿ ਨਾਮਿ ਲਗੇ ਸੇ ਸੋਹਿਆ॥ (੩੯੪)

- ਬ੍ਰਹਮਾ ਬਿਸਨੁ ਮਹੇਸੁ ਤ੍ਰੈ ਗੁਣ ਸਿਰਿ ਧੰਧੈ ਲਾਇਆ॥
ਮਾਇਆ ਕਾ ਮੂਲੁ ਰਚਾਇਓਨੁ ਤੁਰੀਆ ਸੁਖੁ ਪਾਇਆ॥ (੫੦੯)

- ਬ੍ਰਹਮਾ ਵੇਦੁ ਪੜੈ ਵਾਦੁ ਵਖਾਣੈ॥ ਅੰਤਰਿ ਤਾਮਸੁ ਆਪੁ ਨ ਪਛਾਣੈ॥ (੨੩੧)

- ਬ੍ਰਹਮ ਲੋਕ ਅਰੁ ਰੁਦ੍ਰ ਲੋਕ ਆਈ ਇੰਦ੍ਰ ਲੋਕ ਤੇ ਧਾਇ॥ ਸਾਧਸੰਗਤਿ ਕਉ ਜੋਹਿ ਨ ਸਾਕੈ ਮਲਿ ਮਲਿ ਧੋਵੈ ਪਾਇ॥
ਸਿਧ ਸਾਧਿਕ ਅਰੁ ਜਖ੍ਯ ਕਿੰਨਰ ਨਰ ਰਹੀ ਕੰਠਿ ਉਰਝਾਇ॥ (੫੦੦)

- ਮੁਨਿ ਜੋਗੀ ਸਾਸਤ੍ਰਗਿ ਕਹਾਵਤ ਸਭ ਕੀਨੇ ਬਸਿ ਅਪਨਹੀ॥
ਤੀਨਿ ਦੇਵ ਅਰੁ ਕੋੜਿ ਤੇਤੀਸਾ ਤਿਨ ਕੀ ਹੈਰਤਿ ਕਛੁ ਨ ਰਹੀ॥
ਬਲਵੰਤਿ ਬਿਆਪਿ ਰਹੀ ਸਭ ਮਹੀ॥
ਅਵਰੁ ਨ ਜਾਨਸਿ ਕੋਊ ਮਰਮਾ ਗੁਰ ਕਿਰਪਾ ਤੇ ਲਹੀ॥ (੪੯੮)

- ਬੇਦ ਪੜੇ ਪੜਿ ਬ੍ਰਹਮੇ ਹਾਰੇ ਇਕੁ ਤਿਲੁ ਨਹੀ ਕੀਮਤਿ ਪਾਈ॥
ਸਾਧਿਕ ਸਿਧ ਫਿਰਹਿ ਬਿਲਲਾਤੇ ਤੇ ਭੀ ਮੋਹੇ ਮਾਈ॥ (੭੪੭)

- ਦੇਵੀ ਦੇਵਾ ਮੂਲੁ ਹੈ ਮਾਇਆ॥ ਸਿੰਮ੍ਰਿਤਿ ਸਾਸਤ ਜਿੰਨਿ ਉਪਾਇਆ॥
ਕਾਮੁ ਕ੍ਰੋਧੁ ਪਸਰਿਆ ਸੰਸਾਰੇ ਆਇ ਜਾਇ ਦੁਖੁ ਪਾਵਣਿਆ॥ (੧੨੯)

- ਬ੍ਰਹਮੈ ਬੇਦ ਬਾਣੀ ਪਰਗਾਸੀ ਮਾਇਆ ਮੋਹ ਪਸਾਰਾ॥
ਮਹਾਦੇਉ ਗਿਆਨੀ ਵਰਤੈ ਘਰਿ ਆਪਣੈ ਤਾਮਸੁ ਬਹੁਤੁ ਅਹੰਕਾਰਾ॥
ਕਿਸਨੁ ਸਦਾ ਅਵਤਾਰੀ ਰੂਧਾ ਕਿਤੁ ਲਗਿ ਤਰੈ ਸੰਸਾਰਾ॥
ਗੁਰਮੁਖਿ ਗਿਆਨਿ ਰਤੇ ਜੁਗ ਅੰਤਰਿ ਚੂਕੈ ਮੋਹ ਗੁਬਾਰਾ॥ (੫੫੯)

(੬) ਤ੍ਰੈ ਗੁਣ ਬਧਕ

- ਬ੍ਰਹਮਾ ਮੂਲੁ ਵੇਦ ਅਭਿਆਸਾ॥ ਤਿਸ ਤੇ ਉਪਜੇ ਦੇਵ ਮੋਹ ਪਿਆਸਾ॥
ਤ੍ਰੈ ਗੁਣ ਭਰਮੇ ਨਾਹੀ ਨਿਜ ਘਰਿ ਵਾਸਾ॥ (੨੩੦)

- ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਭੁਲੇ ਹਉਮੈ ਮੋਹੁ ਵਧਾਇਆ॥ (੮੫੨)

- ਬ੍ਰਹਮਾ ਬਿਸਨੁ ਮਹੇਸੁ ਤ੍ਰੈ ਮੂਰਤਿ ਤ੍ਰਿਗੁਣਿ ਭਰਮਿ ਭੁਲਾਈ॥
ਪੰਡਿਤ ਪੜਹਿ ਪੜਿ ਵਾਦੁ ਵਖਾਣਹਿ ਤਿੰਨਾ ਬੂਝ ਨ ਪਾਈ॥ (੯੦੯)

(੭) ਚਉਰਾਸੀਹ ਦੇ ਕੀੜੇ

- ਚਾਰੇ ਵੇਦ ਬ੍ਰਹਮੇ ਕਉ ਦੀਏ ਪੜਿ ਪੜਿ ਕਰੇ ਵੀਚਾਰੀ॥
ਤਾ ਕਾ ਹੁਕਮੁ ਨ ਬੂਝੈ ਬਪੁੜਾ ਨਰਕਿ ਸੁਰਗਿ ਅਵਤਾਰੀ॥ (੪੨੩)
- ਨਾਭਿ ਕਮਲ ਤੇ ਬ੍ਰਹਮਾ ਉਪਜੇ ਬੇਦ ਪੜਹਿ ਮੁਖਿ ਕੰਠਿ ਸਵਾਰਿ॥
ਤਾ ਕੋ ਅੰਤੁ ਨ ਜਾਈ ਲਖਣਾ ਆਵਤ ਜਾਤ ਰਹੈ ਗੁਬਾਰਿ॥ (੪੯੯)

- ਸਨਕ ਸਨੰਦ ਅੰਤੁ ਨਹੀ ਪਾਇਆ॥ ਬੇਦ ਪੜੇ ਪੜਿ ਬ੍ਰਹਮੇ ਜਨਮੁ ਗਵਾਇਆ॥ (੪੭੯)

- ਭਰਮੇ ਸੁਰਿ ਨਰ ਦੇਵੀ ਦੇਵਾ॥ ਭਰਮੇ ਸਿਧ ਸਾਧਿਕ ਬ੍ਰਹਮੇਵਾ॥ (੨੫੯)

- ਪ੍ਰਥਮੇ ਬ੍ਰਹਮਾ ਕਾਲੈ ਘਰਿ ਆਇਆ॥ ਬ੍ਰਹਮ ਕਮਲੁ ਪਇਆਲਿ ਨ ਪਾਇਆ॥ (੨੨੭)

- ਕਾਲ ਪਾਇ ਬ੍ਰਹਮਾ ਬਪੁ ਧਰਾ॥ ਕਾਲ ਪਾਇ ਸਿਵਜੂ ਅਵਤਰਾ॥
ਕਾਲ ਪਾਇ ਕਰ ਬਿਸਨੁ ਪ੍ਰਕਾਸਾ॥ ਸਕਲ ਕਾਲ ਕਾ ਕੀਆ ਤਮਾਸਾ॥ (ਬੇਨਤੀ ਚਉਪਈ ਪਾ:੧੦)

- ਬ੍ਰਹਮ ਮਹੇਸੁਰ ਬਿਸਨ ਸਚੀ ਪਤਿ ਅੰਤ ਫਸੇ ਜਮ ਫਾਂਸਿ ਪਰੈਂਗੇ॥ (ਪਾ:੧੦)

- ਪੰਡਿਤ ਪੜਿ ਪੜਿ ਵਾਦੁ ਵਖਾਣਹਿ ਬਿਨੁ ਗੁਰ ਭਰਮਿ ਭੁਲਾਏ॥
ਲਖ ਚਉਰਾਸੀਹ ਫੇਰੁ ਪਇਆ ਬਿਨੁ ਸਬਦੈ ਮੁਕਤਿ ਨ ਪਾਏ॥ (੬੭)

(੧੭) ਆਨਮਤਿ ਧਰਮ ਗ੍ਰੰਥਾਂ ਦੇ ਪੜ੍ਹਨ ਸੁਨਣਹਾਰਿਆਂ ਦੀ ਦੁਰਦਸ਼ਾ

- ਪੜਿ ਪੜਿ ਪੰਡਿਤ ਜੋਤਕੀ ਵਾਦ ਕਰਹਿ ਬੀਚਾਰੁ॥ ਮਤਿ ਬੁਧਿ ਭਵੀ ਨ ਬੁਝਈ ਅੰਤਰਿ ਲੋਭ ਵਿਕਾਰੁ॥
ਲਖ ਚਉਰਾਸੀਹ ਭਰਮਦੇ ਭ੍ਰਮਿ ਭ੍ਰਮਿ ਹੋਇ ਖੁਆਰੁ॥ (੨੭)

- ਤ੍ਰੈ ਗੁਣ ਬਿਖਿਆ ਅੰਧੁ ਹੈ ਮਾਇਆ ਮੋਹ ਗੁਬਾਰ॥ ਲੋਭੀ ਅਨ ਕਉ ਸੇਵਦੇ ਪੜਿ ਵੇਦਾ ਕਰੈ ਪੂਕਾਰ॥
ਬਿਖਿਆ ਅੰਦਰਿ ਪਚਿ ਮੁਏ ਨਾ ਉਰਵਾਰੁ ਨ ਪਾਰੁ॥ (੩੦)

- ਤ੍ਰੈ ਗੁਣ ਸਭਾ ਧਾਤੁ ਹੈ ਦੂਜਾ ਭਾਉ ਵਿਕਾਰੁ॥ ਪੰਡਿਤੁ ਪੜੈ ਬੰਧਨ ਮੋਹ ਬਾਧਾ ਨਹ ਬੂਝੈ ਬਿਖਿਆ ਪਿਆਰਿ॥ (੩੩)

- ਵੇਦੁ ਪੁਕਾਰੈ ਤ੍ਰਿਬਿਧਿ ਮਾਇਆ॥ ਮਨਮੁਖ ਨ ਬੂਝਹਿ ਦੂਜੈ ਭਾਇਆ॥
ਤ੍ਰੈ ਗੁਣ ਪੜਹਿ ਹਰਿ ਏਕੁ ਨ ਜਾਣਹਿ ਬਿਨੁ ਬੂਝੇ ਦੁਖੁ ਪਾਵਣਿਆ॥ (੧੨੮)

- ਤ੍ਰੈ ਗੁਣ ਬਾਣੀ ਬ੍ਰਹਮ ਜੰਜਾਲਾ॥ ਪੜਿ ਵਾਦੁ ਵਖਾਣਹਿ ਸਿਰਿ ਮਾਰੇ ਜਮਕਾਲਾ॥
ਤਤੁ ਨ ਚੀਨਹਿ ਬੰਨਹਿ ਪੰਡ ਪਰਾਲਾ॥ (੨੩੦)

- ਕਰਮ ਅਕਰਮ ਬੀਚਾਰੀਐ ਸੰਕਾ ਸੁਨਿ ਬੇਦ ਪੁਰਾਨ॥ ਸੰਸਾ ਸਦ ਹਿਰਦੈ ਬਸੈ ਕਉਨੁ ਹਿਰੈ ਅਭਿਮਾਨੁ॥(੩੪੬)

- ਸਿੰਮ੍ਰਿਤਿ ਸਾਸਤ ਸੋਧਿਆ ਭਾਈ ਵਿਣੁ ਸਤਿਗੁਰ ਭਰਮੁ ਨ ਜਾਇ॥
ਅਨਿਕ ਕਰਮ ਕਰਿ ਥਾਕਿਆ ਭਾਈ ਫਿਰਿ ਫਿਰਿ ਬੰਧਨ ਪਾਇ॥ (੬੦੮)

- ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ॥ ਵਾਦੁ ਵਖਾਣਹਿ ਤਤੁ ਨ ਜਾਣਾ॥ (੧੦੩੨)

- ਸਿਮ੍ਰਿਤਿ ਸਾਸਤ੍ਰ ਬਹੁਤੁ ਬਿਸਥਾਰਾ॥ ਮਾਇਆ ਮੋਹੁ ਪਸਰਿਆ ਪਾਸਾਰਾ॥
ਮੂਰਖ ਪੜਹਿ ਸਬਦੁ ਨ ਬੂਝਹਿ ਗੁਰਮੁਖਿ ਵਿਰਲੈ ਜਾਤਾ ਹੇ॥ (੧੦੫੩)

- ਸਿਮ੍ਰਿਤਿ ਸਾਸਤ ਅੰਤੁ ਨ ਜਾਣੈ॥ ਮੂਰਖੁ ਅੰਧਾ ਤਤੁ ਨ ਪਛਾਣੈ॥ (੧੦੬੧)

- ਖਟੁ ਦਰਸਨ ਭ੍ਰਮਤੇ ਫਿਰਹਿ ਨਹ ਮਿਲੀਐ ਭੇਖੰ॥ ਬੇਦ ਪੜਹਿ ਸੰਪੂਰਨਾ ਤਤੁ ਸਾਰ ਨ ਪੇਖੰ॥ (੧੦੯੯)

- ਕੇਤੇ ਪੰਡਿਤ ਜੋਤਕੀ ਬੇਦਾ ਕਰਹਿ ਬੀਚਾਰੁ॥ ਵਾਦਿ ਵਿਰੋਧਿ ਸਲਾਹਣੇ ਵਾਦੇ ਆਵਣੁ ਜਾਣੁ॥ (੫੬)

- ਮਨਹਠ ਬੁਧੀ ਕੇਤੀਆ ਕੇਤੇ ਬੇਦ ਬੀਚਾਰ॥ ਕੇਤੇ ਬੰਧਨ ਜੀਅ ਕੇ ਗੁਰਮੁਖਿ ਮੋਖ ਦੁਆਰ॥ (੬੨)

- ਪੰਡਿਤ ਪੜਿ ਪੜਿ ਵਾਦੁ ਵਖਾਣਹਿ ਬਿਨੁ ਗੁਰ ਭਰਮਿ ਭੁਲਾਏ॥
ਲਖ ਚਉਰਾਸੀਹ ਫੇਰੁ ਪਇਆ ਬਿਨੁ ਸਬਦੈ ਮੁਕਤਿ ਨ ਪਾਏ॥ (੬੭)

- ਪੜਿ ਪੜਿ ਪੰਡਿਤ ਬੇਦ ਵਖਾਣਹਿ ਮਾਇਆ ਮੋਹ ਸੁਆਇ॥
ਦੂਜੈ ਭਾਇ ਹਰਿ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥ (੮੫)

- ਸਾਸਤ ਸਿੰਮ੍ਰਿਤਿ ਬੇਦ ਚਾਰਿ ਮੁਖਾਗਰ ਬਿਚਰੇ॥ ਤਪੇ ਤਪੀਸਰ ਜੋਗੀਆ ਤੀਰਥਿ ਗਵਨੁ ਕਰੇ॥
ਖਟੁ ਕਰਮਾ ਤੇ ਦੁਗੁਣੇ ਪੂਜਾ ਕਰਤਾ ਨਾਇ॥ ਰੰਗੁ ਨ ਲਗੀ ਪਾਰਬ੍ਰਹਮ ਤਾ ਸਰਪਰ ਨਰਕੇ ਜਾਇ॥ (੭੦)

- ਖਟੁ ਸਾਸਤ ਬਿਚਰਤ ਮੁਖਿ ਗਿਆਨਾ॥ ਪੂਜਾ ਤਿਲਕੁ ਤੀਰਥ ਇਸਨਾਨਾ॥
ਨਿਵਲੀ ਕਰਮ ਆਸਨ ਚਉਰਾਸੀਹ ਇਨ ਮਹਿ ਸਾਂਤਿ ਨ ਆਵੈ ਜੀਉ॥ (੯੮)

- ਸਿਮ੍ਰਿਤਿ ਸਾਸਤ ਬੇਦ ਵਖਾਣੈ॥ ਭਰਮੇ ਭੂਲਾ ਤਤੁ ਨ ਜਾਣੈ॥
ਬਿਨੁ ਸਤਿਗੁਰ ਸੇਵੇ ਸੁਖੁ ਨ ਪਾਏ ਦੁਖੋ ਦੁਖੁ ਕਮਾਵਣਿਆ॥ (੧੧੪)

- ਵੇਦੁ ਪੜਹਿ ਹਰਿ ਰਸੁ ਨਹੀ ਆਇਆ॥ ਵਾਦੁ ਵਖਾਣਹਿ ਮੋਹੇ ਮਾਇਆ॥
ਅਗਿਆਨਮਤੀ ਸਦਾ ਅੰਧਿਆਰਾ ਗੁਰਮੁਖਿ ਬੂਝਿ ਹਰਿ ਗਾਵਣਿਆ॥ (੧੨੮)

- ਬੇਦੁ ਪੜੈ ਮੁਖਿ ਮੀਠੀ ਬਾਣੀ॥ ਜੀਆਂ ਕੁਹਤ ਨ ਸੰਗੈ ਪਰਾਣੀ॥ (੨੦੧)

- ਚਤੁਰ ਬੇਦ ਮੁਖ ਬਚਨੀ ਉਚਰੈ ਆਗੈ ਮਹਲੁ ਨ ਪਾਈਐ॥
ਬੂਝੈ ਨਾਹੀ ਏਕੁ ਸੁਧਾਖਰੁ ਓਹੁ ਸਗਲੀ ਝਾਖ ਝਖਾਈਐ॥ (੨੧੬)

- ਪੜਿ ਪੜਿ ਪੋਥੀ ਸਿੰਮ੍ਰਿਤਿ ਪਾਠਾ॥ ਬੇਦ ਪੁਰਾਣ ਪੜੈ ਸੁਣਿ ਥਾਟਾ॥
ਬਿਨੁ ਰਸ ਰਾਤੇ ਮਨੁ ਬਹੁ ਨਾਟਾ॥ (੨੨੬)

- ਛੰਛਾ ਖਟੁ ਸਾਸਤ੍ਰ ਹੋਇ ਛਿਆਤਾ॥ ਪੂਰਕੁ ਕੁੰਭਕ ਰੇਚਕ ਕਰਮਾਤਾ॥
ਛਿਆਨ ਧਿਆਨ ਤੀਰਥ ਇਸਨਾਨੀ॥ ਸੋਮਪਾਕ ਅਪਰਸ ਉਦਿਆਨੀ॥
ਰਾਮ ਨਾਮ ਸੰਗਿ ਮਨਿ ਨਹੀ ਹੇਤਾ॥ ਜੋ ਕਛੁ ਕੀਨੋ ਸੋਊ ਅਨੇਤਾ॥ (੨੫੩)

- ਲਖ ਸਾਸਤ ਸਮਝਾਵਣੀ ਲਖ ਪੰਡਿਤ ਪੜਹਿ ਪੁਰਾਣ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭੇ ਕੁਪਰਵਾਣ॥(੩੫੮)

- ਸਿੰਮ੍ਰਿਤਿ ਸਾਸਤ੍ਰ ਬਹੁ ਕਰਮ ਕਮਾਏ ਪ੍ਰਭ ਤੁਮਰੇ ਦਰਸ ਬਿਨੁ ਸੁਖੁ ਨਾਹੀ॥ (੪੦੮)

- ਤਟਿ ਤੀਰਥਿ ਨ ਛੋਡੈ ਜੋਗ ਸੰਨਿਆਸ॥ ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ॥
ਹੋਛੀ ਸਰਣਿ ਪਇਆ ਰਹਣੁ ਨ ਪਾਈ॥ ਕਹੁ ਮੀਤਾ ਹਉ ਕੈ ਪਹਿ ਜਾਈ॥ (੩੭੧)

- ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ॥
ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ॥ (੪੬੭)

- ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ॥
ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ॥ (੬੪੧)

- ਪੰਡਿਤ ਮੈਲੁ ਨ ਚੁਕਈ ਜੇ ਵੇਦ ਪੜੈ ਜੁਗ ਚਾਰਿ॥ ਤ੍ਰੈ ਗੁਣ ਮਾਇਆ ਮੂਲੁ ਹੈ ਵਿਚਿ ਹਉਮੈ ਨਾਮੁ ਵਿਸਾਰਿ॥(੬੪੭)

- ਬੇਦ ਪੁਰਾਨ ਸਭੈ ਮਤ ਸੁਨਿ ਕੈ ਕਰੀ ਕਰਮ ਕੀ ਆਸਾ॥
ਕਾਲ ਗ੍ਰਸਤ ਸਭ ਲੋਗ ਸਿਆਨੇ ਉਠਿ ਪੰਡਿਤ ਪੈ ਚਲੇ ਨਿਰਾਸਾ॥
ਮਨ ਰੇ ਸਰਿਓ ਨ ਏਕੈ ਕਾਜਾ॥ ਭਜਿਓ ਨ ਰਘੁਪਤਿ ਰਾਜਾ॥
ਬਨ ਖੰਡ ਜਾਇ ਜੋਗੁ ਤਪੁ ਕੀਨੋ ਕੰਦ ਮੂਲੁ ਚੁਨਿ ਖਾਇਆ॥
ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ॥ (੬੫੪)

- ਛਨਿਛਰਵਾਰਿ ਸਉਣ ਸਾਸਤ ਬੀਚਾਰੁ॥ ਹਉਮੈ ਮੇਰਾ ਭਰਮੈ ਸੰਸਾਰੁ॥
ਮਨਮੁਖੁ ਅੰਧਾ ਦੂਜੈ ਭਾਇ॥ ਜਮ ਦਰ ਬਾਧਾ ਚੋਟਾ ਖਾਇ॥ (੮੪੧)

- ਆਗਮ ਨਿਰਗਮ ਜੋਤਿਕ ਜਾਨਹਿ ਬਹੁ ਬਹੁ ਬਿਆਕਰਨਾ॥
ਤੰਤ ਮੰਤ੍ਰ ਸਭ ਅਉਖਧ ਜਾਨਹਿ ਅੰਤਿ ਤਊ ਮਰਨਾ॥ (੪੭੬)

- ਅਨਿਕ ਜਤਨ ਗਵਨੁ ਕਰਉ॥ ਖਟੁ ਕਰਮ ਜੁਗਤਿ ਧਿਆਨੁ ਧਰਉ॥
ਉਪਾਵ ਸਗਲ ਕਰਿ ਹਾਰਿਓ ਨਹ ਨਹ ਹੁਟਹਿ ਬਿਕਰਾਲ॥ (੧੧੧੯)

- ਅਸਟ ਸਾਜ ਸਾਜਿ ਪੁਰਾਣ ਸੋਧਹਿ ਕਰਹਿ ਬੇਦ ਅਭਿਆਸੁ॥
ਬਿਨੁ ਨਾਮ ਹਰਿ ਕੇ ਮੁਕਤਿ ਨਾਹੀ ਕਹੈ ਨਾਨਕੁ ਦਾਸੁ॥ (੬੬੩)

- ਨਵ ਛਿਅ ਖਟੁ ਬੋਲਹਿ ਮੁਖ ਆਗਰ ਮੇਰਾ ਹਰਿ ਪ੍ਰਭੁ ਇਵ ਨ ਪਤੀਨੇ॥ (੬੬੮)

- ਪੜੇ ਰੇ ਸਗਲ ਬੇਦ ਨਹ ਚੂਕੈ ਮਨ ਭੇਦ ਇਕੁ ਖਿਨੁ ਨ ਧੀਰਹਿ ਮੇਰੇ ਘਰ ਕੇ ਪੰਚਾ॥ (੬੮੭)

- ਬੇਦ ਕਤੇਬ ਸਿਮ੍ਰਿਤਿ ਸਭਿ ਸਾਸਤ ਇਨ੍ ਪੜਿਆ ਮੁਕਤਿ ਨ ਹੋਈ॥ (੭੪੭)

- ਬੇਦ ਪਾਠ ਸੰਸਾਰ ਕੀ ਕਾਰ॥ ਪੜਿ੍ ਪੜਿ੍ ਪੰਡਿਤ ਕਰਹਿ ਬੀਚਾਰ॥
ਬਿਨੁ ਬੂਝੇ ਸਭ ਹੋਇ ਖੁਆਰ॥ (੭੯੧)

- ਵਾਚੈ ਵਾਦੁ ਨ ਬੇਦੁ ਬੀਚਾਰੈ॥ ਆਪਿ ਡੁਬੈ ਕਿਉ ਪਿਤਰਾ ਤਾਰੈ॥ (੯੦੪)

- ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ॥
ਮਨਮੁਖ ਪਾਖੰਡਿ ਭਰਮਿ ਵਿਗੂਤੇ ਲੋਭ ਲਹਰਿ ਨਾਵ ਭਾਰਿ ਬੁਡਈਆ॥ (੯੩੪)

- ਨਾ ਤੂ ਆਵਹਿ ਵਸਿ ਬੇਦ ਪੜਾਵਣੇ॥ (੯੬੨)

- ਜਿਹ ਮੁਖਿ ਬੇਦੁ ਗਾਇਤ੍ਰੀ ਨਿਕਸੈ ਸੋ ਕਿਉ ਬ੍ਰਹਮਨੁ ਬਿਸਰੁ ਕਰੈ॥
ਜਾ ਕੈ ਪਾਇ ਜਗਤੁ ਸਭੁ ਲਾਗੈ ਸੋ ਕਿਉ ਪੰਡਿਤੁ ਹਰਿ ਨ ਕਹੈ॥

ਕਾਹੇ ਮੇਰੇ ਬਾਮ੍ਹਨ ਹਰਿ ਨ ਕਹਹਿ॥ ਰਾਮੁ ਨ ਬੋਲਹਿ ਪਾਡੇ ਦੋਜਕੁ ਭਰਹਿ॥ (੯੭੦)

- ਤੂੰ ਬ੍ਰਹਮਨੁ ਮੈ ਕਾਸੀਕ ਜੁਲਹਾ ਮੁਹਿ ਤੋਹਿ ਬਰਾਬਰੀ ਕੈਸੇ ਕੈ ਬਨਹਿ॥
ਹਮਰੇ ਰਾਮ ਨਾਮ ਕਹਿ ਉਬਰੇ ਬੇਦ ਭਰੋਸੇ ਪਾਂਡੇ ਡੂਬਿ ਮਰਹਿ॥ (੯੭੦)

- ਬੇਦੁ ਪੁਕਾਰੈ ਮੁਖ ਤੇ ਪੰਡਤ ਕਾਮਾਮਨ ਕਾ ਮਾਠਾ॥ ਮੋਨੀ ਹੋਇ ਬੈਠਾ ਇਕਾਂਤੀ ਹਿਰਦੈ ਕਲਪਨ ਗਾਠਾ॥ (੧੦੦੩)

- ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ॥ ਅਠਸਿਠ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ॥ (੧੦੦੮)

- ਜਗਿ ਚਤੁਰੁ ਸਿਆਣਾ ਭਰਮਿ ਭੁਲਾਣਾ ਨਾਉ ਪੰਡਿਤ ਪੜਹਿ ਗਾਵਾਰੀ॥
ਨਾਉ ਵਿਸਾਰਹਿ ਬੇਦੁ ਸਮਾਲਹਿ ਬਿਖੁ ਭੂਲੇ ਲੇਖਾਰੀ॥ (੧੦੧੫)

- ਵਾਚਹਿ ਪੁਸਤਕ ਵੇਦ ਪੁਰਾਨਾਂ॥ ਇਕਿ ਬਹਿ ਸੁਨਹਿ ਸੁਨਾਵਹਿ ਕਾਨਾਂ॥
ਅਜਗਰ ਕਪਟੁ ਕਹਹੁ ਕਿਉ ਖੁਲ੍ਹੈ ਬਿਨੁ ਸਤਿਗੁਰ ਤਤੁ ਨ ਪਾਇਆ॥ (੧੦੪੩)

- ਬੇਦ ਪੜਹਿ ਹਰਿ ਨਾਮੁ ਨ ਬੂਝਹਿ॥ ਮਾਇਆ ਕਾਰਣਿ ਪੜਿ ਪੜਿ ਲੂਝਹਿ॥
ਅੰਤਰਿ ਮੈਲੁ ਅਗਿਆਨੀ ਅੰਧਾ ਕਿਉ ਕਰਿ ਦੁਤਰੁ ਤਰੀਜੈ ਹੇ॥ (੧੦੫੦)

- ਬੇਦ ਪੜਹਿ ਪੜਿ ਬਾਦੁ ਵਖਾਣਹਿ॥ ਘਟ ਮਹਿ ਬ੍ਰਹਮੁ ਤਿਸੁ ਸਬਦਿ ਨ ਪਛਾਣਹਿ॥ (੧੦੫੮)

- ਵੇਦੁ ਪੜੈ ਅਨਦਿਨੁ ਵਾਦ ਸਮਾਲੇ॥ ਨਾਮੁ ਨ ਚੇਤੈ ਬਧਾ ਜਮਕਾਲੇ॥
ਦੂਜੈ ਭਾਇ ਸਦਾ ਦੁਖੁ ਪਾਏ ਤ੍ਰੈ ਗੁਣ ਭਰਮਿ ਭੁਲਾਇਦਾ॥ (੧੦੬੬)

- ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ॥
ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ॥ (੧੧੦੨)

- ਪੁਸਤਕ ਪਾਠ ਬਿਆਕਰਣ ਵਖਾਣੈ ਸੰਧਿਆ ਕਰਮ ਤਿਕਾਲ ਕਰੈ॥
ਬਿਨੁ ਗੁਰ ਸਬਦ ਮੁਕਤਿ ਕਹਾ ਪ੍ਰਾਣੀ ਰਾਮ ਨਾਮ ਬਿਨੁ ਉਰਝਿ ਮਰੈ॥ (੧੧੨੭)

- ਸਿੰਮ੍ਰਿਤਿ ਸਾਸਤ੍ਰ ਪੜਹਿ ਮੁਨਿ ਕੇਤੇ ਬਿਨੁ ਸਬਦੈ ਸੁਰਤਿ ਨ ਪਾਈ॥
ਤ੍ਰੈ ਗੁਣ ਸਭੇ ਰੋਗਿ ਵਿਆਪੇ ਮਮਤਾ ਸੁਰਤਿ ਗਵਾਈ॥ (੧੧੩੦)

- ਪੰਡਿਤ ਜਨ ਮਾਤੇ ਪੜਿ੍ ਪੁਰਾਨ॥ (੧੧੯੩)

- ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ॥
ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ॥ (੧੨੨੭)

- ਪੂਜਾਚਾਰ ਕਰਤ ਮੇਲੰਗਾ॥ ਚਕ੍ਰ ਕਰਮ ਤਿਲਕ ਖਾਟੰਗਾ॥
ਦਰਸਨੁ ਭੇਟੇ ਬਿਨੁ ਸਤਸੰਗਾ॥ ਹਠਿ ਨਿਗ੍ਰਹਿ ਅਤਿ ਰਹਤ ਬਿਟੰਗਾ॥
ਹਉ ਰੋਗੁ ਬਿਆਪੈ ਚੁਕੈ ਨ ਭੰਗਾ॥ (੧੩੦੫)

- ਕਬੀਰ ਮਾਇ ਮੂੰਡਉ ਤਿਹ ਗੁਰੂ ਕੀ ਜਾ ਤੇ ਭਰਮੁ ਨ ਜਾਇ॥

ਆਪ ਡੁਬੇ ਚਹੁ ਬੇਦ ਮਹਿ ਚੇਲੇ ਦੀਏ ਬਹਾਇ॥ (੧੩੬੯)

- ਕਬੀਰ ਬਾਮਨੁ ਗੁਰੂ ਹੈ ਜਗਤ ਕਾ ਭਗਤਨ ਕਾ ਗੁਰੁ ਨਾਹਿ॥
ਅਰਝਿ ਉਰਝਿ ਕੈ ਪਚਿ ਮੂਆ ਚਾਰਉ ਬੇਦਹੁ ਮਾਹਿ॥ (੧੩੭੭)

- ਤ੍ਰੈ ਗੁਣ ਬਾਣੀ ਬੇਦ ਬੀਚਾਰੁ॥ ਬਿਖਿਆ ਮੈਲੁ ਬਿਖਿਆ ਵਾਪਾਰੁ॥
ਮਰਿ ਜਨਮਹਿ ਫਿਰਿ ਹੋਹਿ ਖੁਆਰੁ॥ (੧੨੬੨)

- ਹੋਮ ਜਗ ਸਭਿ ਤੀਰਥਾ ਪੜਿ੍ ਪੰਡਿਤ ਥਕੇ ਪੁਰਾਣ॥
ਬਿਖੁ ਮਾਇਆ ਮੋਹੁ ਨ ਮਿਟਈ ਵਿਚਿ ਹਉਮੈ ਆਵਣੁ ਜਾਣੁ॥ (੧੪੧੭)

- ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ॥ ਨਵਾ ਖੰਡਾ ਵਿਚਿ ਜਾਣੀਆ ਅਪਨੇ ਚਜ ਵੀਚਾਰ॥
ਬ੍ਰਹਮਣ ਕੈਲੀ ਘਾਤੁ ਕੰਵਕਾ ਅਣਚਾਰੀ ਕਾ ਧਾਨੁ॥ ਫਿਟਕ ਫਿਟਕਾ ਕੋੜੁ ਬਦੀਆ ਸਦਾ ਸਦਾ ਅਭਿਮਾਨੁ॥ (੧੪੧੩)
- ਸਾਸਤੁ ਬੇਦੁ ਬਕੈ ਖੜੋ ਭਾਈ ਕਰਮ ਕਰਹੁ ਸੰਸਾਰੀ॥
ਪਾਖੰਡਿ ਮੈਲੁ ਨ ਚੁਕਈ ਭਾਈ ਅੰਤਰਿ ਮੈਲੁ ਵਿਕਾਰੀ॥ (੬੩੫)

- ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ॥ (੧੩੫੦)

- ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ॥ ਨਾਦੀ ਬੇਦੀ ਪੜ੍ਹਿ ਪੁਰਾਣ॥
ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ॥ ਤਿਨ ਕੈ ਰਮਈਆ ਨੇੜਿ ਨਾਹਿ॥ (੧੧੬੯)

- ਉਦਮੁ ਕਰਿ ਲਾਗੇ ਬਹੁ ਭਾਤੀ ਬਿਚਰਹਿ ਅਨਿਕ ਸਾਸਤ੍ਰ ਬਹੁ ਖਟੂਆ॥
ਭਸਮ ਲਗਾਇ ਤੀਰਥ ਬਹੁ ਭ੍ਰਮਤੇ ਸੂਖਮ ਦੇਹ ਬੰਧਹਿ ਬਹੁ ਜਟੂਆ॥
ਬਿਨੁ ਹਰਿ ਭਜਨ ਸਗਲ ਦੁਖ ਪਾਵਤ ਜਿਉ ਪ੍ਰੇਮ ਬਢਾਇ ਸੂਤ ਕੇ ਹਟੂਆ॥ (੧੩੮੯)

(੧੮) ਬੇਦ ਕਤੇਬ ਪੁਰਾਣ ਕੁਰਾਣ ਸਿਮ੍ਰਿਤਿ ਸਾਸਤ੍ਰ ਆਦਿ ਆਨਮਤਿ ਕਹਾਉਤੀ ਧਰਮ ਗ੍ਰੰਥਾਂ ਵਿਖੇ ਫਰਜ਼ੀ (ਕਲਪਤ) ਪਾਪ ਪੁੰਨ, ਨਰਕ ਸੁਰਗ ਵਾਲੀ ਬਾਦ ਬਿਬਾਦੀ ਤ੍ਰੈ ਗੁਣੀ ਖਲਜਗਣ

- ਵੇਦੁ ਪੁਕਾਰੈ ਤ੍ਰਿਬਿਧਿ ਮਾਇਆ॥ (੧੨੮)

- ਤ੍ਰੈ ਗੁਣ ਬਾਣੀ ਬ੍ਰਹਮ ਜੰਜਾਲਾ॥ (੨੩੦)

- ਬਹੁ ਸਾਸਤ੍ਰ ਬਹੁ ਸਿਮ੍ਰਿਤੀ ਪੇਖੇ ਸਰਬ ਢਢੋਲਿ॥ ਪੂਜਸਿ ਨਾਹੀ ਹਰਿ ਹਰੇ ਨਾਨਕ ਨਾਮ ਅਮੋਲ॥ (੨੬੫)

- ਖਟੁ ਦਰਸਨ ਜੋਗੀ ਸੰਨਿਆਸੀ ਬਿਨੁ ਗੁਰ ਭਰਮਿ ਭੁਲਾਏ॥ (੬੭)

- ਮਹਿਮਾ ਨ ਜਾਨਹਿ ਬੇਦ॥ ਬ੍ਰਹਮੇ ਨਹੀ ਜਾਨਹਿ ਭੇਦ॥ (੮੯੪)

- ਬਿਰਲਾ ਬੂਝੈ ਪਾਵੈ ਭੇਦੁ॥ ਸਾਖਾ ਤੀਨਿ ਕਹੈ ਨਿਤ ਬੇਦੁ॥ (੩੫੨)

- ਸਾਸਤ੍ਰ ਬੇਦ ਪਾਪ ਪੁੰਨ ਵੀਚਾਰ॥ ਨਰਕਿ ਸੁਰਗਿ ਫਿਰਿ ਫਿਰਿ ਅਉਤਾਰ॥ (੩੮੫)

- ਅਸਟ ਦਸੀ ਚਹੁ ਭੇਦੁ ਨ ਪਾਇਆ॥ (੩੫੫)

- ਬੰਧਨ ਬੇਦੁ ਬਾਦੁ ਅਹੰਕਾਰ॥ (੪੧੬)

- ਉਰਧ ਮੂਲ ਜਿਸੁ ਸਾਖ ਤਲਾਹਾ ਚਾਰਿ ਬੇਦ ਜਿਤੁ ਲਾਗੇ॥ (੫੦੩)

- ਚਾਰਿ ਬੇਦ ਅਰੁ ਸਿੰਮ੍ਰਿਤਿ ਪੁਰਾਨਾਂ॥ ਕਮਲਾਪਤਿ ਕਵਲਾ ਨਹੀ ਜਾਨਾਂ॥ (੬੯੧)

- ਬੇਦ ਕਤੇਬ ਇਫਤਰਾ ਭਾਈ ਦਿਲ ਕਾ ਫਿਕਰੁ ਨ ਜਾਇ॥ (੭੨੭)

- ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ॥
  ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ॥ (੯੨੦)

- ਸਿਮ੍ਰਿਤਿ ਸਾਸਤ ਸਾਜਿਅਨੁ ਪਾਪ ਪੁੰਨ ਗਣਤ ਗਣੀਨੀ॥ (੯੪੯)

- ਅਨਿਕ ਉਪਾਵ ਨ ਛੂਟਨਹਾਰੇ॥ ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥ (੨੯੮)
- ਬੇਦ ਕਤੇਬੀ ਭੇਦੁ ਨ ਜਾਤਾ॥ (੧੦੨੧)

- ਸਾਮ ਵੇਦੁ ਰਿਗੁ ਜੁਜਰੁ ਅਥਰਬਣੁ॥ ਬ੍ਰਹਮੇ ਮੁਖਿ ਮਾਇਆ ਹੈ ਤ੍ਰੈ ਗੁਣ॥ (੧੦੩੯)

- ਸਿਮ੍ਰਿਤਿ ਸਾਸਤ੍ਰ ਬਹੁਤੁ ਬਿਸਥਾਰਾ॥ ਮਾਇਆ ਮੋਹੁ ਪਸਰਿਆ ਪਾਸਾਰਾ॥ (੧੦੫੩)

- ਸਿਮ੍ਰਿਤਿ ਸਾਸਤ ਅੰਤੁ ਨ ਜਾਣੈ॥ ਮੂਰਖੁ ਅੰਧਾ ਤਤੁ ਨ ਪਛਾਣੈ॥ (੧੦੬੧)

- ਮਾਇਆ ਮਾਈ ਤ੍ਰੈ ਗੁਣ ਪਰਸੂਤਿ ਜਮਾਇਆ॥ ਚਾਰੇ ਬੇਦ ਬ੍ਰਹਮੇ ਨੋ ਫੁਰਮਾਇਆ॥ (੧੦੬੬)

- ਖਟੁ ਦਰਸਨੁ ਭ੍ਰਮਤੇ ਫਿਰਹਿ ਨਹ ਮਿਲੀਐ ਭੇਖੰ॥ ਬੇਦ ਪੜਹਿ ਸੰਪੂਰਨਾ ਤਤੁ ਸਾਰ ਨ ਪੇਖੰ॥ (੧੦੯੯)

- ਸਾਸਤ੍ਰ ਬੇਦ ਤ੍ਰੈ ਗੁਣ ਹੈ ਮਾਇਆ ਅੰਧੁਲਉ ਧੰਧੁ ਕਮਾਈ॥ (੧੧੨੬)

- ਕਥਾ ਕਹਾਣੀ ਬੇਦੀਂ ਆਣੀ ਪਾਪੁ ਪੁੰਨੁ ਬੀਚਾਰੁ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ॥ (੧੨੪੩)

- ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ॥ ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ॥ (੧੨੪੩)

- ਤ੍ਰੈ ਗੁਣ ਬਾਣੀ ਬੇਦ ਬੀਚਾਰੁ॥ (੧੨੬੨)

- ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ॥ ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ॥ (੧੨੭੬)

- ਖਟ ਦਰਸਨ ਸੰਸੇ ਪਰੇ ਅਰੁ ਚਉਰਾਸੀਹ ਸਿਧ॥ (੧੩੭੫)

- ਬੇਦ ਕੀ ਪੁਤ੍ਰੀ ਸਿੰਮ੍ਰਿਤਿ ਭਾਈ॥ ਸਾਂਕਲ ਜੇਵਰੀ ਲੈ ਹੈ ਆਈ॥

ਆਪਨ ਨਗਰੁ ਆਪ ਤੇ ਬਾਧਿਆ॥ ਮੋਹ ਕੈ ਫਾਧਿ ਕਾਲ ਸਰੁ ਸਾਂਧਿਆ॥
ਕਟੀ ਨ ਕਟੈ ਤੁਟਿ ਨਹ ਜਾਈ॥ ਸਾ ਸਾਪਨਿ ਹੋਇ ਜਗ ਕਉ ਖਾਈ॥
ਹਮ ਦੇਖਤ ਜਿਨਿ ਸਭੁ ਜਗੁ ਲੂਟਿਆ॥ ਕਹੁ ਕਬੀਰ ਮੈ ਰਾਮ ਕਹਿ ਛੂਟਿਆ॥ (੩੨੯)

- ਬੇਦ ਪੁਰਾਨ ਸਿੰਮ੍ਰਿਤਿ ਸਭ ਖੋਜੇ ਕਹੂ ਨ ਊਬਰਨਾ॥ (੪੭੭)

- ਸਿਮ੍ਰਿਤਿ ਬੇਦ ਪੁਰਾਣ ਪੁਕਾਰਨਿ ਪੋਥੀਆ॥ ਨਾਮ ਬਿਨਾ ਸਭਿ ਕੂੜੁ ਗਾਲ੍ਹੀ ਹੋਛੀਆ॥
ਨਾਮੁ ਨਿਧਾਨੁ ਅਪਾਰੁ ਭਗਤਾ ਮਨਿ ਵਸੈ॥ ਜਨਮ ਮਰਣ ਮੋਹੁ ਦੁਖੁ ਸਾਧੂ ਸੰਗਿ ਨਸੈ॥ (੭੬੧)

- ਜਨਮਿ ਮਰੈ ਤ੍ਰੈ ਗੁਣ ਹਿਤਕਾਰੁ॥ ਚਾਰੇ ਬੇਦ ਕਥਹਿ ਆਕਾਰੁ॥
ਤੀਨਿ ਅਵਸਥਾ ਕਹਹਿ ਵਖਿਆਨੁ॥ ਤੁਰੀਆਵਸਥਾ ਸਤਿਗੁਰ ਤੇ ਹਰਿ ਜਾਨੁ॥ (੧੫੪)

- ਬੇਦ ਬਾਦ ਸਭਿ ਆਖਿ ਵਖਾਣਹਿ॥ ਨ ਅੰਤਰੁ ਭੀਜੈ ਨ ਸਬਦੁ ਪਛਾਣਹਿ॥
ਪੁੰਨੁ ਪਾਪੁ ਸਭੁ ਬੇਦਿ ਦ੍ਰਿੜਾਇਆ ਗੁਰਮੁਖਿ ਅੰਮ੍ਰਿਤੁ ਪੀਜੈ ਹੇ॥ (੧੦੫੦)

(੧੯) ਆਨਮਤਿ ਕਹੌਂਤੀ ਧਰਮਾਂ ਦੇ ਸਿਧਾਂਤਾਂ ਦਾ ਖੰਡਣ ਤੇ ਗੁਰਮਤਿ ਵਿਲੱਖਣ ਸਚੁ ਸਿਧਾਂਤ ਦਾ ਨਿਖਰਵਾਂ ਮੰਡਣ

- ਵੇਦ ਪੜੈ ਪੜਿ ਵਾਦੁ ਵਖਾਣੈ ਬ੍ਰਹਮਾ ਬਿਸਨੁ ਮਹੇਸਾ॥
ਏਹ ਤ੍ਰਿਗੁਣ ਮਾਇਆ ਜਿਨਿ ਜਗਤੁ ਭੁਲਾਇਆ ਜਨਮ ਮਰਨ ਕਾ ਸਹਸਾ॥
ਗੁਰ ਪਰਸਾਦੀ ਏਕੋ ਜਾਣੈ ਚੂਕੈ ਮਨਹੁ ਅੰਦੇਸਾ॥ (੧੨੫੭)

- ਰੋਗੀ ਬ੍ਰਹਮਾ ਬਿਸਨੁ ਸਰੁਦ੍ਰਾ ਰੋਗੀ ਸਗਲ ਸੰਸਾਰਾ॥
ਹਰਿ ਪਦੁ ਚੀਨਿ ਭਏ ਸੇ ਮੁਕਤੇ ਗੁਰ ਕਾ ਸਬਦੁ ਵੀਚਾਰਾ॥ (੧੧੫੩)

- ਬ੍ਰਹਮਾ ਬਿਸਨੁ ਮਹੇਸੁ ਵੀਚਾਰੀ॥ ਤ੍ਰੈ ਗੁਣ ਬਧਕ ਮੁਕਤਿ ਨਿਰਾਰੀ॥
ਗੁਰਮੁਖਿ ਗਿਆਨੁ ਏਕੋ ਹੈ ਜਾਤਾ ਅਨਦਿਨੁ ਨਾਮੁ ਰਵੀਜੈ ਹੇ॥ (੧੦੪੯)

- ਇੰਦ੍ਰ ਇੰਦ੍ਰਾਸਨਿ ਬੈਠੇ ਜਮ ਕਾ ਭਉ ਪਾਵਹਿ॥ ਜਮੁ ਨ ਛੋਡੈ ਬਹੁ ਕਰਮ ਕਮਾਵਹਿ॥
ਸਤਿਗੁਰੁ ਭੇਟੈ ਤਾ ਮੁਕਤਿ ਪਾਈਐ ਹਰਿ ਹਰਿ ਰਸਨਾ ਪੀਜੈ ਹੇ॥ (੧੦੪੯)

- ਕਿਸਨੁ ਸਦਾ ਅਵਤਾਰੀ ਰੂਧਾ ਕਿਤੁ ਲਗਿ ਤਰੈ ਸੰਸਾਰਾ॥
ਗੁਰਮੁਖਿ ਗਿਆਨਿ ਰਤੇ ਜੁਗ ਅੰਤਰਿ ਚੂਕੈ ਮੋਹ ਗੁਬਾਰਾ॥ (੫੫੯)

- ਬ੍ਰਹਮਾ ਵੇਦੁ ਪੜੈ ਵਾਦੁ ਵਖਾਣੈ॥ ਅੰਤਰਿ ਤਾਮਸੁ ਆਪੁ ਨ ਪਛਾਣੈ॥
ਤਾ ਪ੍ਰਭੁ ਪਾਏ ਗੁਰ ਸਬਦੁ ਵਖਾਣੈ॥ (੨੩੧)

- ਪਾਇ ਠਗਉਲੀ ਸਭੁ ਜਗੁ ਜੋਹਿਆ॥ ਬ੍ਰਹਮਾ ਬਿਸਨੁ ਮਹਾਦੇਉ ਮੋਹਿਆ॥
ਗੁਰਮੁਖਿ ਨਾਮਿ ਲਗੇ ਸੇ ਸੋਹਿਆ॥ (੩੯੪)

- ਖਟੁ ਦਰਸਨ ਜੋਗੀ ਸੰਨਿਆਸੀ ਬਿਨੁ ਗੁਰ ਭਰਮਿ ਭੁਲਾਏ॥
ਸਤਿਗੁਰੁ ਸੇਵਹਿ ਤਾ ਗਤਿ ਮਿਤਿ ਪਾਵਹਿ ਹਰਿ ਜੀਉ ਮੰਨਿ ਵਸਾਏ॥ (੬੭)

- ਖਟੁ ਦਰਸਨ ਕੈ ਭੇਖਿ ਕਿਸੈ ਸਚਿ ਸਮਾਵਣਾ॥ ਸਚਾ ਪੁਰਖੁ ਅਲਖੁ ਸਬਦਿ ਸੁਹਾਵਣਾ॥ (੧੪੮)

- ਅਸਟ ਦਸੀ ਚਹੁ ਭੇਦੁ ਨ ਪਾਇਆ॥ ਨਾਨਕ ਸਤਿਗੁਰਿ ਬ੍ਰਹਮੁ ਦਿਖਾਇਆ॥ (੩੫੫)

- ਬੰਧਨ ਬੇਦੁ ਬਾਦੁ ਅਹੰਕਾਰ॥ ਬੰਧਨਿ ਬਿਨਸੈ ਮੋਹ ਵਿਕਾਰ॥
ਨਾਨਕ ਰਾਮ ਨਾਮ ਸਰਣਾਈ॥ ਸਤਿਗੁਰਿ ਰਾਖੇ ਬੰਧੁ ਨ ਪਾਈ॥ (੪੧੬)

- ਉਰਧ ਮੂਲ ਜਿਸੁ ਸਾਖ ਤਲਾਹਾ ਚਾਰਿ ਬੇਦ ਜਿਤੁ ਲਾਗੇ॥
ਸਹਜ ਭਾਇ ਜਾਇ ਤੇ ਨਾਨਕ ਪਾਰਬ੍ਰਹਮ ਲਿਵ ਜਾਗੇ॥ (੫੦੩)

- ਬੇਦੁ ਪੁਕਾਰੇ ਵਾਚੀਐ ਬਾਣੀ ਬ੍ਰਹਮ ਬਿਆਸੁ॥ ਮੁਨਿ ਜਨ ਸੇਵਕ ਸਾਧਿਕਾ ਨਾਮਿ ਰਤੇ ਗੁਣਤਾਸੁ॥
ਸਚਿ ਰਤੇ ਸੇ ਜਿਣਿ ਗਏ ਹਉ ਸਦ ਬਲਿਹਾਰੈ ਜਾਸੁ॥ (੫੭)

- ਬ੍ਰਹਮੈ ਕਥਿ ਕਥਿ ਅੰਤੁ ਨ ਪਾਇਆ॥ ਰਾਮ ਭਗਤਿ ਬੈਠੇ ਘਰਿ ਆਇਆ॥ (੩੨੭)

- ਮਨਹਠਿ ਕਿਤੈ ਉਪਾਇ ਨ ਛੂਟੀਐ ਸਿਮ੍ਰਿਤਿ ਸਾਸਤ੍ਰ ਸੋਧਹੁ ਜਾਇ॥
ਮਿਲਿ ਸੰਗਤਿ ਸਾਧੂ ਉਬਰੇ ਗੁਰ ਕਾ ਸਬਦੁ ਕਮਾਇ॥ (੬੫)

- ਪੰਡਿਤੁ ਵੇਦੁ ਪੁਕਾਰਾ॥ ਗਿਰਸਤੀ ਗਿਰਸਤਿ ਧਰਮਾਤਾ॥.....
ਤਿਆਗੀ ਸਰਨਿ ਪਾਵਾ॥ ਨਾਨਕੁ ਗੁਰ ਚਰਣਿ ਪਰਾਤਾ॥ ..... (੭੧)

- ਗੁਰ ਸਬਦੀ ਹਰਿ ਪਾਈਐ ਹਰਿ ਪਾਰਿ ਲਘਾਇ॥ ਮਨਹਠਿ ਕਿਨੈ ਨ ਪਾਇਓ ਪੁਛਹੁ ਵੇਦਾ ਜਾਇ॥ (੮੬)

- ਚਾਰਿ ਪਦਾਰਥ ਕਹੈ ਸਭੁ ਕੋਈ॥ ਸਿੰਮ੍ਰਿਤਿ ਸਾਸਤ ਪੰਡਿਤ ਮੁਖਿ ਸੋਈ॥
ਬਿਨੁ ਗੁਰ ਅਰਥੁ ਬੀਚਾਰੁ ਨ ਪਾਇਆ॥ ਮੁਕਤਿ ਪਦਾਰਥੁ ਭਗਤਿ ਹਰਿ ਪਾਇਆ॥ (੧੫੪)
- ਪੰਡਿਤੁ ਸਾਸਤ ਸਿਮ੍ਰਿਤਿ ਪੜਿਆ॥ ਜੋਗੀ ਗੋਰਖੁ ਗੋਰਖੁ ਕਰਿਆ॥
ਮੈ ਮੂਰਖ ਹਰਿ ਹਰਿ ਜਪੁ ਪੜਿਆ॥ (੧੬੩)

- ਸਿੰਮ੍ਰਿਤਿ ਸਾਸਤ ਬੇਦ ਬਖਾਨੇ॥ ਜੋਗ ਗਿਆਨ ਸਿਧ ਸੁਖ ਜਾਨੇ॥
ਨਾਮੁ ਜਪਤ ਪ੍ਰਭ ਸਿਉ ਮਨ ਮਾਨੇ॥ (੨੦੨)

- ਬੇਦ ਪੁਰਾਣ ਸਿਮ੍ਰਿਤਿ ਭਨੇ॥ ਸਭ ਊਚ ਬਿਰਾਜਿਤ ਜਨ ਸੁਨੇ॥ (੨੧੧)

- ਕਾਹੂ ਤੀਰ ਕਾਹੂ ਨੀਰ ਕਾਹੂ ਬੇਦ ਬੀਚਾਰ॥ ਨਾਨਕਾ ਭਗਤਿ ਪ੍ਰਿਅ ਹੋ॥ (੨੧੩)

- ਸਾਸਤ ਸਿੰਮ੍ਰਿਤਿ ਬੇਦ ਬੀਚਾਰੇ ਮਹਾ ਪੁਰਖਨ ਇਉ ਕਹਿਆ॥
ਬਿਨੁ ਹਰਿ ਭਜਨ ਨਾਹੀ ਨਿਸਤਾਰਾ ਸੂਖੁ ਨ ਕਿਨਹੂੰ ਲਹਿਆ॥ (੨੧੫)

- ਅਨਿਕ ਉਪਾਵ ਨ ਛੂਟਨਹਾਰੇ॥ ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥
ਹਰਿ ਕੀ ਭਗਤਿ ਕਰਹੁ ਮਨੁ ਲਾਇ॥ ਮਨਿ ਬੰਛਤ ਨਾਨਕ ਫਲ ਪਾਇ॥ (੨੮੮)

- ਪੋਥੀ ਪੰਡਿਤ ਬੇਦ ਖੋਜੰਤਾ ਜੀਉ॥ ਹੋਇ ਬੈਰਾਗੀ ਤੀਰਥਿ ਨਾਵੰਤਾ ਜੀਉ॥
ਗੀਤ ਨਾਦ ਕੀਰਤਨੁ ਗਾਵੰਤਾ ਜੀਉ॥ ਹਰਿ ਨਿਰਭਉ ਨਾਮੁ ਧਿਆਈ ਜੀਉ॥ (੨੧੬)

- ਸਾਸਤ ਸਿੰਮ੍ਰਿਤਿ ਸੋਧਿ ਦੇਖਹੁ ਕੋਇ॥ ਵਿਣੁ ਨਾਵੈ ਕੋ ਮੁਕਤਿ ਨ ਹੋਇ॥ (੨੨੯)

- ਸਸਾ ਸਰਨਿ ਪਰੇ ਅਬ ਹਾਰੇ॥ ਸਾਸਤ੍ਰ ਸਿਮ੍ਰਿਤਿ ਬੇਦ ਪੂਕਾਰੇ॥
ਸੋਧਤ ਸੋਧਤ ਸੋਧਿ ਬੀਚਾਰਾ॥ ਬਿਨੁ ਹਰ ਭਜਨ ਨਹੀ ਛੁਟਕਾਰਾ॥ (੨੬੦)

- ਸਾਧ ਕੀ ਮਹਿਮਾ ਬੇਦ ਨ ਜਾਨਹਿ॥ ਜੇਤਾ ਸੁਨਹਿ ਤੇਤਾ ਬਖਿਆਨਹਿ॥ (੨੭੨)

- ਬੇਦ ਪੁਰਾਨ ਸਿਮ੍ਰਿਤਿ ਸੁਨੇ ਬਹੁ ਬਿਧਿ ਕਰਉ ਬੀਚਾਰੁ॥
ਪਤਿਤ ਉਧਾਰਨ ਭੈ ਹਰਨ ਸੁਖ ਸਾਗਰ ਨਿਰੰਕਾਰ॥ (੨੯੬)

- ਖਟ ਸਾਸਤ੍ਰ ਊਚੌ ਕਹਹਿ ਅੰਤੁ ਨ ਪਾਰਾਵਾਰ॥
ਭਗਤ ਸੋਹਹਿ ਗੁਣ ਗਾਵਤੇ ਨਾਨਕ ਪ੍ਰਭ ਕੈ ਦੁਆਰ॥ (੨੯੭)

- ਖਸਟਮਿ ਖਟ ਸਾਸਤ੍ਰ ਕਹਹਿ ਸਿੰਮ੍ਰਿਤਿ ਕਥਹਿ ਅਨੇਕ॥
ਊਤਮੁ ਊਚੌ ਪਾਰਬ੍ਰਹਮੁ ਗੁਣ ਅੰਤੁ ਨ ਜਾਣਹਿ ਸੇਖ॥ (੨੯੭)

- ਮਨ ਚੂਰੇ ਖਟੁ ਦਰਸਨ ਜਾਣੁ॥ ਸਰਬ ਜੋਤਿ ਪੂਰਨ ਭਗਵਾਨੁ॥ (੩੫੨)

- ਹਰਿ ਦਰਸਨੁ ਪਾਵੈ ਵਡਭਾਗਿ॥ ਗੁਰ ਕੈ ਸਬਦਿ ਸਚੈ ਬੈਰਾਗਿ॥
ਖਟੁ ਦਰਸਨੁ ਵਰਤੈ ਵਰਤਾਰਾ॥ ਗੁਰ ਕਾ ਦਰਸਨੁ ਅਗਮ ਅਪਾਰਾ॥
ਗੁਰ ਕੈ ਦਰਸਨਿ ਮੁਕਤਿ ਗਤਿ ਹੋਇ॥ ਸਾਚਾ ਆਪਿ ਵਸੈ ਮਨਿ ਸੋਇ॥
ਗੁਰ ਦਰਸਨਿ ਉਧਰੈ ਸੰਸਾਰਾ॥ ਜੇ ਕੋ ਲਾਏ ਭਾਉ ਪਿਆਰਾ॥ (੩੬੦)

- ਬੇਦ ਕਤੇਬ ਸੰਸਾਰ ਹਭਾ ਹੂੰ ਬਾਹਰਾ॥ ਨਾਨਕ ਕਾ ਪਾਤਿਸਾਹੁ ਦਿਸੈ ਜਾਹਰਾ॥ (੩੯੭)

- ਬੇਦ ਪੁਰਾਨ ਸਿੰਮ੍ਰਿਤਿ ਸਭ ਖੋਜੇ ਕਹੂ ਨ ਊਬਰਨਾ॥
ਕਹੁ ਕਬੀਰ ਇਉ ਰਾਮਹਿ ਜੰਪਉ ਮੇਟਿ ਜਨਮ ਮਰਨਾ॥ (੪੭੭)

- ਵਰਤ ਨੇਮ ਮਜਨ ਤਿਸੁ ਪੂਜਾ॥ ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ॥
ਮਹਾ ਪੁਨੀਤ ਜਾ ਕਾ ਨਿਰਮਲ ਥਾਨੁ॥ ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ॥ (੩੯੩)

- ਚਾਰੇ ਵੇਦ ਹੋਏ ਸਚਿਆਰ॥ ਪੜਹਿ ਗੁਣਹਿ ਤਿਨ੍ ਚਾਰ ਵੀਚਾਰ॥
ਭਾਉ ਭਗਤਿ ਕਰਿ ਨੀਚੁ ਸਦਾਏ॥ ਤਉ ਨਾਨਕ ਮੋਖੰਤਰੁ ਪਾਏ॥ (੪੭੦)

- ਛਾਡਿ ਕਤੇਬ ਰਾਮੁ ਭਜੁ ਬਉਰੇ ਜੁਲਮ ਕਰਤ ਹੈ ਭਾਰੀ॥
ਕਬੀਰੈ ਪਕਰੀ ਟੇਕ ਰਾਮ ਕੀ ਤੁਰਕ ਰਹੇ ਪਚਿਹਾਰੀ॥ (੪੭੭)

- ਹਮ ਘਰਿ ਸੂਤੁ ਤਨਹਿ ਨਿਤ ਤਾਨਾ ਕੰਠਿ ਜਨੇਊ ਤੁਮਾਰੇ॥
ਤੁਮ੍ ਤਉ ਬੇਦ ਪੜਹੁ ਗਾਇਤ੍ਰੀ ਗੋਬਿੰਦੁ ਰਿਦੈ ਹਮਾਰੇ॥ (੪੮੨)

- ਇਹੁ ਮਨੁ ਕਾਸੀ ਸਭਿ ਤੀਰਥ ਸਿਮ੍ਰਿਤਿ ਸਤਿਗੁਰ ਦੀਆ ਬੁਝਾਇ॥
ਅਠਸਠਿ ਤੀਰਥ ਤਿਸੁ ਸੰਗਿ ਰਹਹਿ ਜਿਨ ਹਰਿ ਹਿਰਦੈ ਰਹਿਆ ਸਮਾਇ॥ (੪੯੧)

- ਸਾਸਤ ਬੇਦ ਸਿਮ੍ਰਿਤਿ ਸਭਿ ਸੋਧੇ ਸਭ ਏਕਾ ਬਾਤ ਪੁਕਾਰੀ॥
ਬਿਨੁ ਗੁਰ ਮੁਕਤਿ ਨ ਕੋਊ ਪਾਵੈ ਮਨਿ ਵੇਖਹੁ ਕਰਿ ਬੀਚਾਰੀ॥ (੪੯੫)

- ਸਾਸਤ੍ਰ ਬੇਦ ਪੁਰਾਨ ਅਵਿਲੋਕੇ ਸਿਮ੍ਰਿਤਿ ਤਤੁ ਬੀਚਾਰਾ॥
ਦੀਨਾ ਨਾਥ ਪ੍ਰਾਨਪਤਿ ਪੂਰਨ ਭਵਜਲ ਉਧਰਨਹਾਰਾ॥ (੫੩੨)

- ਕਿਆ ਪੜੀਐ ਕਿਆ ਗੁਨੀਐ॥ ਕਿਆ ਬੇਦ ਪੁਰਾਨਾਂ ਸੁਨੀਐ॥
ਪੜੇ ਸੁਨੇ ਕਿਆ ਹੋਈ॥ ਜਉ ਸਹਜ ਨ ਮਿਲਿਓ ਸੋਈ॥ (੬੫੫)

- ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਖਰ ਮਾਂਹੀ॥
ਬਿਆਸ ਬਿਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ॥ (੬੫੮)

- ਬੇਦ ਸਿੰਮ੍ਰਿਤਿ ਕਥੈ ਸਾਸਤ ਭਗਤ ਕਰਹਿ ਬੀਚਾਰੁ॥ ਮੁਕਤਿ ਪਾਈਐ ਸਾਧਸੰਗਤਿ ਬਿਨਸਿ ਜਾਇ ਅੰਧਾਰੁ॥ (੬੭੫)

- ਘੋਖੇ ਮੁਨਿ ਜਨ ਸਿੰਮ੍ਰਿਤਿ ਪੁਰਾਨਾਂ ਬੇਦ ਪੁਕਾਰਹਿ ਘੋਖ॥
ਕ੍ਰਿਪਾ ਸਿੰਧੁ ਸੇਵਿ ਸਚੁ ਪਾਈਐ ਦੋਵੈ ਸੁਹੇਲੇ ਲੋਕ॥ (੬੯੨)

- ਪੰਡਿਤੁ ਹੋਇ ਕੈ ਬੇਦੁ ਬਖਾਨੈ॥ ਮੂਰਖੁ ਨਾਮਦੇਉ ਰਾਮਹਿ ਜਾਨੈ॥ (੭੧੯)

- ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ॥
ਗੁਰਮੁਖਿ ਜਿਨੀ ਧਿਆਇਆ ਹਰਿ ਹਰਿ ਜਗਿ ਤੇ ਪੂਰੇ ਪਰਵਾਨਾ॥ (੭੯੭)

- ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥ ਜਪੀਐ ਨਾਮੁ ਜਿਤੁ ਪਾਰਿ ਉਤਾਰੇ॥ (੮੦੪)

- ਕਹਤ ਕਬੀਰ ਭਲੇ ਅਸਵਾਰਾ॥ ਬੇਦ ਕਤੇਬ ਤੇ ਰਹਹਿ ਨਿਰਾਰਾ॥ (੩੨੯)

- ਬਰਨ ਆਸ੍ਰਮ ਸਾਸਤ੍ਰ ਸੁਨਉ ਦਰਸਨ ਕੀ ਪਿਆਸ॥ ਰੂਪੁ ਨ ਰੇਖ ਨ ਪੰਚ ਤਤ ਠਾਕੁਰ ਅਬਿਨਾਸ॥
ਓਹੁ ਸਰੂਪੁ ਸੰਤਨ ਕਹਹਿ ਵਿਰਲੇ ਜੋਗੀਸੁਰ॥ ਕਰਿ ਕਿਰਪਾ ਜਾ ਕਉ ਮਿਲੇ ਧਨਿ ਧਨਿ ਤੇ ਈਸੁਰ॥ (੮੧੬)

- ਮੁਖਿ ਬੇਦ ਚਤੁਰ ਪੜਤਾ॥ ਸਗਲ ਧਰਮ ਅਛਿਤਾ॥ ਖਟੁ ਕਰਮ ਸਹਿਤ ਰਹਤਾ॥ .....
ਮਨ ਛੋਡਿ ਛੋਡਿ ਸਗਲ ਭੇਦੰ॥ ਸਿਮਰਿ ਸਿਮਰਿ ਗੋਬਿੰਦੰ॥ (੮੭੩)

- ਬਿਨੁ ਹਰਿ ਨਾਮ ਨ ਟੂਟਸਿ ਪਟਲ॥ ਸੋਧੇ ਸਾਸਤ੍ਰ ਸਿਮ੍ਰਿਤਿ ਸਗਲ॥ (੮੯੦)

- ਕੋਈ ਪੜਤਾ ਸਹਸਾਕਿਰਤਾ ਕੋਈ ਪੜੈ ਪੁਰਾਨਾ॥ ਕੋਈ ਨਾਮੁ ਜਪੈ ਜਪਮਾਲੀ ਲਾਗੈ ਤਿਸੈ ਧਿਆਨਾ॥

ਅਬ ਹੀ ਕਬ ਹੀ ਕਿਛੂ ਨ ਜਾਨਾ ਤੇਰਾ ਏਕੋ ਨਾਮੁ ਪਛਾਨਾ॥ (੮੭੬)

- ਕੋਈ ਪੜੈ ਬੇਦ ਕੋਈ ਕਤੇਬ॥ ਕੋਈ ਓਢੈ ਨੀਲ ਕੋਈ ਸੁਪੇਦ॥
ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ॥
ਕਹੁ ਨਾਨਕ ਜਿਨਿ ਹੁਕਮੁ ਪਛਾਤਾ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ॥ (੮੮੫)

- ਕਾਹੂ ਬਿਹਾਵੈ ਬੇਦ ਅਰੁ ਬਾਦਿ॥ ਕਾਹੂ ਬਿਹਾਵੈ ਰਸਨਾ ਸਾਦਿ॥
ਕਾਹੂ ਬਿਹਾਵੈ ਲਪਟਿ ਸੰਗਿ ਨਾਰੀ॥ ਸੰਤ ਰਚੇ ਕੇਵਲ ਨਾਮ ਮੁਰਾਰੀ॥ (੯੧੪)

- ਬੇਦ ਪੁਰਾਨ ਸਾਸਤ੍ਰ ਆਨੰਤਾ ਗੀਤ ਕਬਿਤ ਨ ਗਾਵਉਗੋ॥
ਅਖੰਡ ਮੰਡਲ ਨਿਰੰਕਾਰ ਮਹਿ ਅਨਹਦ ਬੇਨੁ ਬਜਾਵਉਗੋ॥ (੯੭੨)

- ਸਾਸਤ੍ਰ ਬੇਦ ਸੋਧਿ ਸੋਧਿ ਦੇਖੇ ਮੁਨਿ ਨਾਰਦ ਬਚਨ ਪੁਕਾਰੇ॥
ਰਾਮ ਨਾਮੁ ਪੜਹੁ ਗਤਿ ਪਾਵਹੁ ਸਤਸੰਗਤਿ ਗੁਰਿ ਨਿਸਤਾਰੇ॥ (੯੮੩)

- ਬੇਦ ਪੁਰਾਣ ਸਿਮ੍ਰਿਤਿ ਹਰਿ ਜਪਿਆ ਮੁਖਿ ਪੰਡਿਤ ਹਰਿ ਗਾਇਆ॥
ਨਾਮੁ ਰਸਾਲੁ ਜਿਨਾ ਮਨਿ ਵਸਿਆ ਤੇ ਗੁਰਮੁਖਿ ਪਾਰਿ ਪਇਆ॥ (੯੯੫)

- ਪੂਛਉ ਬੇਦ ਪੜੰਤਿਆ ਮੂਠੀ ਵਿਣੁ ਮਾਨੇ॥ ਨਾਨਕ ਕੀਮਤਿ ਸੋ ਕਰੇ ਪੂਰਾ ਗੁਰੁ ਗਿਆਨੇ॥ (੧੦੧੨)

- ਸਿਮ੍ਰਿਤਿ ਸਾਸਤ ਸੋਧਿ ਦੇਖੁ ਊਤਮ ਹਰਿ ਦਾਸਾ॥ (੧੦੯੦)

- ਸਿੰਮ੍ਰਿਤਿ ਸਾਸਤ ਨ ਸੋਧਨੀ ਮਨਮੁਖ ਵਿਗੁਤੇ॥ ਬਿਨੁ ਗੁਰ ਕਿਨੈ ਨ ਪਾਇਓ ਹਰਿ ਨਾਮੁ ਹਰਿ ਸਤੇ॥ (੧੦੯੩)

- ਦਰਸਨੁ ਛੋਡਿ ਭਏ ਸਮਦਰਸੀ ਏਕੋ ਨਾਮੁ ਧਿਆਵਹਿਗੇ॥ (੧੧੦੩)

- ਧਰਤਿ ਆਕਾਸੁ ਪਾਤਾਲੁ ਹੈ ਚੰਦੁ ਸੂਰੁ ਬਿਨਾਸੀ॥ ਬਾਦਿਸਾਹ ਸਾਹ ਉਮਰਾਵ ਖਾਨ ਢਾਹਿ ਡੇਰੇ ਜਾਸੀ॥
ਰੰਗ ਤੁੰਗ ਗਰੀਬ ਮਸਤ ਸਭੁ ਲੋਕੁ ਸਿਧਾਸੀ॥ ਕਾਜੀ ਸੇਖ ਮਸਾਇਕਾ ਸਭੇ ਉਠਿ ਜਾਸੀ॥
ਪੀਰ ਪੈਕਾਬਰ ਅਉਲੀਏ ਕੋ ਥਿਰੁ ਨ ਰਹਾਸੀ॥ ਰੋਜਾ ਬਾਗ ਨਿਵਾਜ ਕਤੇਬ ਵਿਣੁ ਬੁਝੇ ਸਭ ਜਾਸੀ॥
ਲਖ ਚਉਰਾਸੀਹ ਮੇਦਨੀ ਸਭ ਆਵੈ ਜਾਸੀ॥ ਨਿਹਚਲੁ ਸਚੁ ਖੁਦਾਇ ਏਕੁ ਖੁਦਾਇ ਬੰਦਾ ਅਬਿਨਾਸੀ॥ (੧੧੦੦)

- ਤਟ ਤੀਰਥ ਦੇਵ ਦੇਵਾਲਿਆ ਕੇਦਾਰ ਮਥੁਰਾ ਕਾਸੀ॥ ਕੋਟਿ ਤੇਤੀਸਾ ਦੇਵਤੇ ਸਣੁ ਇੰਦ੍ਰੈ ਜਾਸੀ॥
ਸਿਮ੍ਰਿਤਿ ਸਾਸਤ੍ਰ ਬੇਦ ਚਾਰਿ ਖਟੁ ਦਰਸ ਸਮਾਸੀ॥ ਪੋਥੀ ਪੰਡਿਤ ਗੀਤ ਕਵਿਤ ਕਵਤੇ ਭੀ ਜਾਸੀ॥
ਜਤੀ ਸਤੀ ਸੰਨਿਆਸੀਆ ਸਭਿ ਕਾਲੈ ਵਾਸੀ॥ ਮੁਨਿ ਜੋਗੀ ਦਿਗੰਬਰਾ ਜਮੈ ਸਣੁ ਜਾਸੀ॥
ਜੋ ਦੀਸੈ ਸੋ ਵਿਣਸਣਾ ਸਭ ਬਿਨਸਿ ਬਿਨਾਸੀ॥ ਥਿਰੁ ਪਾਰਬ੍ਰਹਮੁ ਪਰਮੇਸਰੋ ਸੇਵਕੁ ਥਿਰੁ ਹੋਸੀ॥ (੧੧੦੦)

- ਚਾਰਿ ਬਿਨਾਸੀ ਖਟਹਿ ਬਿਨਾਸੀ ਇਕਿ ਸਾਧ ਬਚਨ ਨਿਹਚਲਾਧਾ॥ (੧੨੦੪)

- ਅਵਰਿ ਸਭਿ ਭੂਲੇ ਭ੍ਰਮਤ ਨ ਜਾਨਿਆ॥
ਏਕੁ ਸੁਧਾਖਰੁ ਜਾ ਕੈ ਹਿਰਦੈ ਵਸਿਆ ਤਿਨਿ ਬੇਦਹਿ ਤਤੁ ਪਛਾਨਿਆ॥ (੧੨੦੫)

- ਚਾਰਿ ਬੇਦ ਜਿਹਵ ਭਨੇ॥ ਦਸ ਅਸਟ ਖਸਟ ਸ੍ਰਵਨ ਸੁਨੇ॥ ਨਹੀ ਤੁਲਿ ਗੋਬਿਦ ਨਾਮ ਧੁਨੇ॥ (੧੨੨੯)

- ਨ ਭੀਜੈ ਰਾਗੀ ਨਾਦੀ ਬੇਦਿ॥ ..... ਨਾਨਕ ਭੀਜੈ ਸਾਚੈ ਨਾਇ॥ (੧੨੩੭)

- ਬਿਨੁ ਸਤਿਗੁਰ ਕਿਨੈ ਨ ਪਾਈ ਪਰਮ ਗਤੇ॥ ਪੂਛਹੁ ਸਗਲ ਬੇਦ ਸਿੰਮ੍ਰਿਤੇ॥ (੧੩੪੮)

- ਬ੍ਰਹਮਾ ਬਡਾ ਕਿ ਜਾਸੁ ਉਪਾਇਆ॥ ਬੇਦੁ ਬਡਾ ਕਿ ਜਹਾਂ ਤੇ ਆਇਆ॥ (੩੩੧)

- ਦਿਨਸੁ ਨ ਰੈਨਿ ਬੇਦੁ ਨਹੀ ਸਾਸਤ੍ਰ ਤਹਾ ਬਸੈ ਨਿਰੰਕਾਰਾ॥
ਕਹਿ ਕਬੀਰ ਨਰ ਤਿਸਹਿ ਧਿਆਵਹੁ ਬਾਵਰਿਆ ਸੰਸਾਰਾ॥ (੪੮੪)

- ਕੋਊ ਮਾਈ ਭੂਲਿਓ ਮਨੁ ਸਮਝਾਵੈ॥ ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ॥ (੨੧੯)

- ਸੁਣਿ ਸਾਸਤ੍ਰ ਤੂੰ ਨ ਬੁਝਹੀ ਤਾ ਫਿਰਹਿ ਬਾਰੋ ਬਾਰ॥
ਸੋ ਮੂਰਖੁ ਜੋ ਆਪੁ ਨ ਪਛਾਣਈ ਸਚਿ ਨ ਧਰੇ ਪਿਆਰੁ॥ (੪੯੨)

- ਬੇਦ ਸਾਸਤ੍ਰ ਜਨ ਧਿਆਵਹਿ ਤਰਣ ਕਉ ਸੰਸਾਰੁ॥
ਕਰਮ ਧਰਮ ਅਨੇਕ ਕਿਰਿਆ ਸਭ ਊਪਰਿ ਨਾਮੁ ਅਚਾਰੁ॥ (੪੦੫)

- ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ॥
ਜਪਿ ਰਾਮ ਨਾਮੁ ਨਾਨਕ ਨਿਸਤਰੀਐ ਹੋਰੁ ਦੁਤੀਆ ਬਿਰਥੀ ਸਾਖੀ॥ (੧੨੨੭)

(੨੦) ਗੁਰੂ ਘਰ ਦੇ ਬੇਦ ਕਤੇਬ ਸਿਮ੍ਰਿਤਿ ਸਾਸਤ੍ਰ

- ਗੁਰਮੁਖਿ ਨਾਦੰ ਗੁਰਮੁਖਿ ਵੇਦੰ ਗੁਰਮੁਖਿ ਰਹਿਆ ਸਮਾਈ॥ (੨)

- ਹਰਿ ਮੇਰਾ ਸਿਮ੍ਰਿਤਿ ਹਰਿ ਮੇਰਾ ਸਾਸਤ੍ਰ ਹਰਿ ਮੇਰਾ ਬੰਧਪੁ ਹਰਿ ਮੇਰਾ ਭਾਈ॥ (੪੯੦)

- ਖਟੁ ਦਰਸਨੁ ਵਰਤੈ ਵਰਤਾਰਾ॥ ਗੁਰ ਕਾ ਦਰਸਨੁ ਅਗਮ ਅਪਾਰਾ॥ (੩੬੦)

- ਸਭਿ ਨਾਦ ਬੇਦ ਗੁਰਬਾਣੀ॥ ਮਨੁ ਰਾਤਾ ਸਾਰਿਗਪਾਣੀ॥ (੮੭੯)

- ਚਤੁਰ ਬੇਦ ਪੂਰਨ ਹਰਿ ਨਾਇ॥ ਨਾਨਕ ਤਿਸ ਕੀ ਸਰਣੀ ਪਾਇ॥ (੮੮੮)

- ਗੁਰਮੁਖਿ ਨਾਦ ਬੇਦ ਬੀਚਾਰੁ॥ (੯੩੨)

- ਗੁਰਮੁਖਿ ਪਰਚੈ ਬੇਦ ਬੀਚਾਰੀ॥ (੯੪੧)

- ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ॥ (੯੪੨)

- ਗੁਰੁ ਸਾਸਤ ਸਿਮ੍ਰਿਤਿ ਖਟੁ ਕਰਮਾ ਗੁਰੁ ਪਵਿਤ੍ਰ ਅਸਥਾਨਾ ਹੇ॥ (੧੦੭੪)

- ਨਾਮੁ ਹਮਾਰੈ ਬੇਦ ਅਰੁ ਨਾਦ॥ (੧੧੪੫)

- ਆਪੇ ਸਾਸਤੁ ਆਪੇ ਬੇਦੁ॥ (੧੧੫੦)

- ਗੁਰਮੁਖਿ ਨਾਦੁ ਬੇਦੁ ਹੈ ਗੁਰਮੁਖਿ ਗੁਰ ਪਰਚੈ ਨਾਮੁ ਧਿਆਵੈਗੋ॥ (੧੩੧੧)

- ਬੇਦ ਪੁਰਾਣ ਸਾਸਤ੍ਰ ਬੀਚਾਰੰ॥ ਏਕੰਕਾਰ ਨਾਮ ਉਰ ਧਾਰੰ॥ (੧੩੬੧)

- ਸੋਈ ਸਾਸਤੁ ਸਉਣੁ ਸੋਇ ਜਿਤੁ ਜਪੀਐ ਹਰਿ ਨਾਉ॥ (੪੮)

- ਜਪ ਤਪ ਸੰਜਮ ਪਾਠ ਪੁਰਾਣੁ॥ ਕਹੁ ਨਾਨਕ ਅਪਰੰਪਰ ਮਾਨੁ॥ (੨੨੩)

- ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ॥ (੧੨੨੭)

- ਗੁਣ ਗੋਬਿੰਦ ਨਾਮ ਧੁਨਿ ਬਾਣੀ॥ ਸਿਮ੍ਰਿਤਿ ਸਾਸਤ੍ਰ ਬੇਦ ਬਖਾਣੀ॥ (੨੯੬)

- ਸਾਚੀ ਕੀਰਤਿ ਸਾਚੀ ਬਾਣੀ॥ ਹੋਰ ਨ ਦੀਸੈ ਬੇਦ ਪੁਰਾਣੀ॥ (੧੦੨੨)

(੨੧) ਬੇਦਾਂ ਸਾਸਤ੍ਰਾਂ ਦੇ ਬਿਧੀ ਪੱਖ ਵਿੱਚ ਭਾਂਸ ਰਹੀਆਂ ਤੁਕਾਂ ਜਿਨ੍ਹਾਂ ਦੇ ਅਸਲ ਅਰਥ ਗੁਰੂ ਘਰ ਦੇ ਬੇਦ ਕਤੇਬ ਸਿਮ੍ਰਿਤਿ ਸਾਸਤ੍ਰ ਜਾਨਣ ਤੋਂ ਹੀ ਖੁੱਲ੍ਹ ਸਕਦੇ ਹਨ

- ਅਹਰਣਿ ਮਤਿ ਵੇਦੁ ਹਥੀਆਰੁ॥ (੮)

- ਬੇਦਾ ਗੰਢੁ ਬੋਲੇ ਸਚੁ ਕੋਇ॥ (੧੪੩)

- ਬੇਬਰਜਤ ਬੇਦ ਸੰਤਨਾ ਉਆਹੂ ਸਿਉ ਰੇ ਹਿਤਨੋ॥ (੨੧੨)

- ਮਾਇਆ ਕੀ ਕਿਰਤਿ ਛੋਡਿ ਗਵਾਈ ਭਗਤੀ ਸਾਰ ਨ ਜਾਨੈ॥
  ਬੇਦ ਸਾਸਤ੍ਰ ਕਉ ਤਰਕਨਿ ਲਾਗਾ ਤਤੁ ਜੋਗੁ ਨ ਪਛਾਨੈ॥ (੩੮੧)

- ਬੇਦ ਬਖਿਆਨ ਕਰਤ ਸਾਧੂ ਜਨ ਭਾਗਹੀਨ ਸਮਝਤ ਨਹੀ ਖਲੁ॥ (੭੧੭)

- ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ॥
  ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ॥ (੭੭੩)

- ਦੀਵਾ ਬਲੈ ਅੰਧੇਰਾ ਜਾਇ॥ ਬੇਦ ਪਾਠ ਮਤਿ ਪਾਪਾ ਖਾਇ॥ .....
  ਬੇਦ ਪਾਠ ਸੰਸਾਰ ਕੀ ਕਾਰ॥ ਪੜਿ੍ ਪੜਿ੍ ਪੰਡਿਤ ਕਰਹਿ ਬੀਚਾਰ॥ ਬਿਨੁ ਬੂਝੇ ਸਭ ਹੋਇ ਖੁਆਰ॥ (੭੯੧)

- ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ॥ ਗੁਰਮੁਖਿ ਸਾਂਤਿ ਊਤਮ ਕਰਾਮੰ॥ (੮੩੧)

- ਗੁਰਮੁਖਿ ਪਰਚੈ ਬੇਦ ਬੀਚਾਰੀ॥ (੯੪੧)

- ਵੇਦਾ ਮਹਿ ਨਾਮੁ ਉਤਮੁ ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ॥ (੯੧੯)

- ਬੇਦ ਕਤੇਬ ਕਹਹੁ ਮਤ ਝੂਠੇ ਝੂਠਾ ਜੋ ਨ ਬਿਚਾਰੈ॥ (੧੩੫੦)

- ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ॥
  ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ॥ (੬੩੨)

- ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ॥
  ਮਨਮੁਖ ਪਾਖੰਡਿ ਭਰਮਿ ਵਿਗੂਤੇ ਲੋਭ ਲਹਰਿ ਨਾਵ ਭਾਰਿ ਬੁਡਈਆ॥
  ਨਾਮੁ ਜਪਹੁ ਨਾਮੇ ਗਤਿ ਪਾਵਹੁ ਸਿਮ੍ਰਿਤਿ ਸਾਸਤ੍ਰ ਨਾਮੁ ਦ੍ਰਿੜਈਆ॥
  ਹਉਮੈ ਜਾਇ ਤ ਨਿਰਮਲੁ ਹੋਵੈ ਗੁਰਮੁਖਿ ਪਰਚੈ ਪਰਮ ਪਦੁ ਪਈਆ॥ (੮੩੪)
- ਸਿਮ੍ਰਿਤਿ ਸਾਸਤ੍ਰ ਬੇਦ ਪੁਰਾਣ॥ ਪਾਰਬ੍ਰਹਮ ਕਾ ਕਰਹਿ ਵਖਿਆਣ॥
  ਜੋਗੀ ਜਤੀ ਬੈਸਨੋ ਰਾਮਦਾਸ॥ ਮਿਤਿ ਨਾਹੀ ਬ੍ਰਹਮ ਅਬਿਨਾਸ॥
  ਕਰਣ ਪਲਾਹ ਕਰਹਿ ਸਿਵ ਦੇਵ॥ ਤਿਲੁ ਨਹੀ ਬੂਝਹਿ ਅਲਖ ਅਭੇਵ॥
  ਪ੍ਰੇਮ ਭਗਤਿ ਜਿਸੁ ਆਪੇ ਦੇਇ॥ ਜਗ ਮਹਿ ਵਿਰਲੇ ਕੇਈ ਕੇਇ॥ (੮੬੭)